SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steeles Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 230 | Monday, December 18, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਗੱਡੀ ਵਿੱਚੋਂ ਭਰੀ ਹੋਈ ਹੈਂਡਗੰਨ ਮਿਲਣ ਮਗਰੋਂ ਦੋ ਨੂੰ ਕੀਤਾ ਗਿਆ ਚਾਰਜ




ਟੋਰਾਂਟੋ, 17 ਦਸੰਬਰ (ਪੋਸਟ ਬਿਊਰੋ) : ਬੀਤੇ ਦਿਨੀਂ ਬੀਚਿਜ਼ ਉੱਤੇ ਰਾਈਡ ਸਪੌਟ ਚੈੱਕ ਦੌਰਾਨ ਕਥਿਤ ਤੌਰ ਉੱਤੇ ਭਰੀ ਹੋਈ ਹੈਂਡਗੰਨ ਮਿਲਣ ਤੋਂ ਬਾਅਦ ਦੋ ਵਿਅਕਤੀਆਂ ਨੂੰ ਕਈ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਜਾਣਕਾਰੀ ਟੋਰਾਂਟੋ ਪੁਲਿਸ ਵੱਲੋਂ ਦਿੱਤੀ ਗਈ।

ਪੁਲਿਸ ਨੇ ਦੱਸਿਆ ਕਿ 15 ਦਸੰਬਰ ਨੂੰ ਰਾਤੀਂ 11:20 ਦੇ ਨੇੜੇ ਤੇੜੇ ਲੇਕ ਸ਼ੋਰ ਬੁਲੇਵਾਰਡ ਈਸਟ ਤੇ ਕੌਕਸਵੈੱਲ ਐਵਨਿਊ ਏਰੀਆ ਵਿੱਚ ਇੱਕ ਗੱਡੀ ਨੂੰ ਰੋਕਿਆ ਗਿਆ। ਉਨ੍ਹਾਂ ਦੱਸਿਆ ਕਿ ਗੱਡੀ ਵਿੱਚੋਂ ਭਰੀ ਹੋਈ ਹੈਂਡਗੰਨ ਬਰਾਮਦ ਹੋਣ ਤੋਂ ਬਾਅਦ ਗੱਡੀ ਵਿੱਚ ਸਵਾਰ ਦੋਵਾਂ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਗਈ ਤੇ ਉਨ੍ਹਾਂ ਉੱਤੇ ਹਾਈਵੇਅ ਟਰੈਫਿਕ ਐਕਟ ਅਫੈਂਸਿਜ਼ ਦੇ ਸਬੰਧ ਵਿੱਚ ਕਈ ਚਾਰਜਿਜ਼ ਲਾਏ ਗਏ। ਮੌਕੇ ਉੱਤੇ ਹੀ ਦੋਵਾਂ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਪੁਲਿਸ ਨੇ ਦੱਸਿਆ ਕਿ ਟੋਰਾਂਟੋ ਦੇ 22 ਸਾਲਾ ਤੈਜੀਅਨ ਅਲੈਗਜ਼ੈਂਡਰ ਸਮਿੱਥ ਤੇ 18 ਸਾਲਾ ਜੋਏਗੀ ਮੈਨੂਏਲ ਨੂੰ ਹਥਿਆਰਾਂ ਸਬੰਧੀ ਕਈ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਲੈਗਜ਼ੈਂਡਰ ਸਮਿੱਥ ਨੂੰ ਤਾਂ ਸਸਪੈਂਸ਼ਨ ਦੌਰਾਨ ਗੱਡੀ ਚਲਾਉਣ ਲਈ ਵੀ ਚਾਰਜ ਕੀਤਾ ਗਿਆ ਹੈ ਜਦਕਿ ਮੈਨੂਏਲ ਨੂੰ ਰਲੀਜ਼ ਆਰਡਰ ਨਾ ਮੰਨਣ ਲਈ ਦੋ ਵੱਖਰੇ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੋਵਾਂ ਨੂੰ 18 ਦਸੰਬਰ ਨੂੰ ਅਦਾਲਤ ਸਾਹਮਣੇ ਪੇਸ਼ ਕੀਤਾ ਜਾਵੇਗਾ।

## ਘਰ ਨੂੰ ਲੱਗੀ ਅੱਗ, ਬੇਸੁੱਧ ਮਿਲੇ ਨਿੱਕੇ ਬੱਚੇ ਦੀ ਬਚਾਈ ਗਈ ਜਾਨ




ਹੈਮਿਲਟਨ, 17 ਦਸੰਬਰ (ਪੋਸਟ ਬਿਊਰੋ): ਐਤਵਾਰ ਸਵੇਰੇ ਹੈਮਿਲਟਨ ਵਿੱਚ ਇੱਕ ਘਰ ਵਿੱਚ ਅੱਗ ਲੱਗ ਜਾਣ ਤੋਂ ਬਾਅਦ ਇੱਕ ਬੱਚਾ ਬੇਸੁੱਧ ਹਾਲਤ ਵਿੱਚ ਮਿਲਿਆ।

ਫਾਇਰਫਾਈਟਰਜ਼ ਨੇ ਦੱਸਿਆ ਕਿ ਉਨ੍ਹਾਂ ਨੂੰ ਰਾਤੀਂ 2:00 ਵਜੇ ਤੋਂ ਠੀਕ ਪਹਿਲਾਂ ਹੈਮਿਲਟਨ ਦੇ ਸੈਂਟਰਲ ਮਾਊਨਟੇਨ ਉੱਤੇ 25 ਟਾਵਰਕ੍ਰੈਸਟ ਡਰਾਈਵ ਉੱਤੇ ਸਥਿਤ ਟਾਊਨਹਾਊਸ ਕਾਂਪਲੈਕਸ ਵਿੱਚ ਸੱਦਿਆ ਗਿਆ। ਜਦੋਂ ਉਹ ਮੌਕੇ ਉੱਤੇ ਪਹੁੰਚੇ ਤਾਂ ਉਨ੍ਹਾਂ ਨੂੰ ਤਿੰਨ ਮੰਜ਼ਿਲਾ ਯੂਨਿਟ ਵਿੱਚੋਂ ਅੱਗ ਦੀਆਂ ਲਪਟਾਂ ਤੇ ਧੂੰਆਂ ਨਿਕਲਦਾ ਨਜ਼ਰੀਂ ਪਿਆ।

ਅਮਲੇ ਨੂੰ ਦੱਸਿਆ ਗਿਆ ਕਿ ਅੱਗ ਦੀਆਂ ਲਪਟਾਂ ਵਿੱਚ ਘਿਰੇ ਘਰ ਵਿੱਚ ਸੰਭਾਵੀ ਤੌਰ ਉੱਤੇ ਇੱਕ ਬੱਚਾ ਮੌਜੂਦ ਹੈ। ਜਲਦ ਹੀ ਫਾਇਰਫਾਈਟਰਜ਼ ਨੂੰ ਘਰ ਦੀ ਉੱਪਰੀ ਮੰਜ਼ਿਲ ਉੱਤੇ ਇੱਕ ਬੱਚਾ ਬਿਨਾਂ ਸਾਹ ਸਤ ਦੇ ਮਿਲ ਗਿਆ। ਬੱਚੇ ਨੂੰ ਬਚਾਉਣ ਲਈ ਕੋਸ਼ਿਸ਼ਾਂ ਸ਼ੁਰੂ ਕੀਤੀਆਂ ਗਈਆਂ ਤੇ ਜਲਦ ਹੀ ਬੱਚੇ ਦੀ ਨਬਜ਼ ਚੱਲਣੀ ਸ਼ੁਰੂ ਹੋ ਗਈ। ਫਿਰ ਫਾਇਰਫਾਈਟਰਜ਼ ਨੇ ਬੱਚੇ ਨੂੰ ਪੈਰਾਮੈਡਿਕਸ ਹਵਾਲੇ ਕਰ ਦਿੱਤਾ ਤੇ ਉਹ ਉਸ ਨੂੰ ਇਲਾਜ ਲਈ ਮੈਕਮਾਸਟਰ ਹਸਪਤਾਲ ਲੈ ਗਏ।

ਫਾਇਰ ਅਧਿਕਾਰੀਆਂ ਨੇ ਦੱਸਿਆ ਕਿ ਜਲਦ ਹੀ ਅੱਗ ਉੱਤੇ ਕਾਬੂ ਪਾ ਲਿਆ ਗਿਆ ਤੇ ਨਾਲ ਲੱਗਦੇ ਘਰਾਂ ਨੂੰ ਵੀ ਨੁਕਸਾਨ ਨਹੀਂ ਪਹੁੰਚਿਆ। ਅੱਗ ਲੱਗਣ ਦੀ ਜਾਂਚ ਕਰਨ ਲਈ ਫਾਇਰ ਮਾਰਸ਼ਲ ਦੇ ਆਫਿਸ ਨੂੰ ਸੱਦਿਆ ਗਿਆ ਤੇ ਇੱਕ ਅੰਦਾਜ਼ੇ ਮੁਤਾਬਕ ਇਸ ਦੌਰਾਨ 350,000 ਡਾਲਰ ਦਾ ਨੁਕਸਾਨ ਹੋਇਆ ਹੋਵੇਗਾ।

## ਗਾਜ਼ਾ ਵਿੱਚ ਫਰਾਂਸੀਸੀ ਡਿਪਲੋਮੈਟ ਦੀ ਮੌਤ, ਕਈ ਨਾਗਰਿਕ ਵੀ ਮਾਰੇ ਗਏ



ਤਲਅਵੀਵ, 17 ਦਸੰਬਰ (ਪੋਸਟ ਬਿਊਰੋ): ਰਾਫਾ ਸ਼ਹਿਰ ਦੀ ਗਾਜ਼ਾ ਸਟਰੀਟ 'ਤੇ ਇਜ਼ਰਾਈਲੀ ਬੰਬਾਰੀ ਵਿਚ ਇਕ ਫਰਾਂਸੀਸੀ ਡਿਪਲੋਮੈਟ ਦੀ ਮੌਤ ਹੋ ਗਈ। ਇਸ ਹਮਲੇ ਵਿੱਚ 12 ਤੋਂ ਵੱਧ ਨਾਗਰਿਕ ਵੀ ਮਾਰੇ ਗਏ ਹਨ। ਹਾਲੇ ਸਹੀ ਅੰਕੜਾ ਸਾਹਮਣੇ ਨਹੀਂ ਆ ਸਕਿਆ।

ਫਰਾਂਸ ਸਰਕਾਰ ਨੇ ਇਸ ਡਿਪਲੋਮੈਟ ਦੀ ਪਹਿਚਾਣ ਨਹੀਂ ਦੱਸੀ ਹੈ ਪਰ ਇਹ ਜ਼ਰੂਰ ਕਿਹਾ ਹੈ ਕਿ ਇਸ ਡਿਪਲੋਮੈਟ ਦੀ ਬੁੱਧਵਾਰ ਨੂੰ ਮੌਤ ਹੋ ਗਈ ਸੀ ਅਤੇ ਉਹ 2002 'ਚ ਵਿਦੇਸ਼ ਸੇਵਾ 'ਚ ਸ਼ਾਮਿਲ ਹੋਇਆ ਸੀ। ਉਹ ਰਾਫਾ ਸ਼ਹਿਰ ਦੇ ਇੱਕ ਸ਼ੈਲਟਰ ਹੋਮ ਵਿੱਚ ਹੋਰ ਲੋਕਾਂ ਨਾਲ ਮੌਜੂਦ ਸੀ। ਇਸ ਦੌਰਾਨ ਇਜ਼ਰਾਇਲੀ ਫੌਜ ਨੇ ਇੱਥੇ ਬੰਬਾਰੀ ਕੀਤੀ।

ਇਜ਼ਰਾਈਲ ਡਿਫੈਂਸ ਫੋਰਸ (ਆਈਡੀਐਫ) ਨੇ ਤਿੰਨ ਬੰਧਕਾਂ ਦੀ ਹੱਤਿਆ ਦੀ ਜ਼ਿੰਮੇਵਾਰੀ ਲਈ ਹੈ। ਸ਼ਨੀਵਾਰ ਦੇਰ ਰਾਤ, ਇਜ਼ਰਾਈਲੀ ਫੌਜ ਦੇ ਬੁਲਾਰੇ ਹਾਗਾਰੀ ਨੇ ਕਿਹਾ ਕਿ ਅਸੀਂ ਗਲਤੀ ਕੀਤੀ ਹੈ। ਤਿੰਨਾਂ ਬੰਧਕਾਂ ਨੇ ਉਨ੍ਹਾਂ ਨੂੰ ਅੱਤਵਾਦੀ ਨਾ ਸਮਝਣ ਦੀ ਪੂਰੀ ਕੋਸ਼ਿਸ਼ ਕੀਤੀ। ਉਸ ਨੇ ਆਪਣੇ ਆਪ ਨੂੰ ਨੁਕਸਾਨਦੇਹ ਸਾਬਤ ਕਰਨ ਲਈ ਆਪਣੀ ਕਮੀਜ਼ ਉਤਾਰ ਦਿੱਤੀ ਸੀ। ਉਹ ਦੱਸਣਾ ਚਾਹੁੰਦਾ ਸੀ ਕਿ ਉਸ ਕੋਲ ਕੋਈ ਹਥਿਆਰ ਨਹੀਂ ਹੈ। ਉਸ ਦੇ ਹੱਥ ਵਿਚ ਚਿੱਟੇ ਰੰਗ ਦਾ ਕੱਪੜਾ ਸੀ।

ਆਈਡੀਐਫ ਦੇ ਬੁਲਾਰੇ ਹੈਗਾਰੀ ਨੇ ਕਿਹਾ ਕਿ ਫੌਜ ਦੇ ਨਿਯਮਾਂ ਅਨੁਸ-ਾਰ, ਸੈਨਿਕ ਸਫੈਦ ਕੱਪੜੇ ਦਿਖਾਉਣ ਵਾਲੇ ਲੋਕਾਂ 'ਤੇ ਗੋਲੀ ਨਹੀਂ ਚਲਾ ਸਕਦੇ। ਜੇਕਰ ਸਿਪਾਹੀ ਅਜਿਹਾ ਕਰਦੇ ਹਨ ਤਾਂ ਇਹ ਨਿਯਮਾਂ ਦੇ ਖਿਲਾਫ ਹੈ। ਬੰਧਕਾਂ ਨੇ ਕਈ ਸੰਕੇਤ ਦਿੱਤੇ ਕਿ ਉਹ ਅੱਤਵਾਦੀ ਨਹੀਂ ਸਨ ਪਰ ਸੈਨਿਕ ਸਮਝ ਨਹੀਂ ਸਕੇ। ਸਿਪਾਹੀ ਜੰਗ ਨੂੰ ਲੈ ਕੇ ਦਬਾਅ ਵਿਚ ਸਨ, ਇਸ ਲਈ ਉਹ ਸਮਝ ਨਹੀਂ ਸਕੇ ਅਤੇ ਗੋਲੀਬਾਰੀ ਕਰ ਦਿੱਤੀ।

ਦਰਅਸਲ 15 ਦਸੰਬਰ ਨੂੰ ਇਜ਼ਰਾਇਲੀ ਫੌਜ ਨੇ ਗਾਜ਼ਾ ਸਿਟੀ ਦੇ ਸ਼ਿਜੈਆ ਇਲਾਕੇ 'ਚ ਜ਼ਮੀਨੀ ਕਾਰਵਾਈ ਦੌਰਾਨ ਆਪਣੇ ਹੀ ਤਿੰਨ ਨਾਗਰਿਕਾਂ 'ਤੇ ਗੋਲੀਆਂ ਚਲਾ ਦਿੱਤੀਆਂ ਸਨ। ਤਿੰਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਹ ਤਿੰਨੋਂ ਅਲੋਨ ਸ਼ਮਰੀਜ਼, ਯੋਤਮ ਹੈਮ ਅਤੇ ਸਮੇਰ ਅਲ-ਤਲਾਲਕਾ ਹਮਾਸ ਦੀ ਕੈਦ ਵਿਚ ਸਨ। ਸਿਪਾਹੀਆਂ ਨੂੰ ਲੱਗਾ ਕਿ ਇਹ ਲੋਕ ਉਨ੍ਹਾਂ ਲਈ ਖ਼ਤਰਾ ਹਨ। ਗੋਲੀ ਲੱਗਣ ਤੋਂ ਬਾਅਦ ਜਦੋਂ ਉਹ ਲਾਸ਼ਾਂ ਦੇ ਨੇੜੇ ਪਹੁੰਚਿਆ ਤਾਂ ਮਾਰੇ ਗਏ ਲੋਕਾਂ ਦੀ ਪਛਾਣ ਨੂੰ ਲੈ ਕੇ ਸ਼ੱਕ ਪੈਦਾ ਹੋ ਗਿਆ। ਬਾਅਦ ਵਿੱਚ ਪਤਾ ਲੱਗਾ ਕਿ ਉਹ ਇਜ਼ਰਾਈਲ ਦਾ ਨਾਗਰਿਕ ਸੀ।

## 3 ਗੱਡੀਆਂ ਦੀ ਟੱਕਰ ਕਾਰਨ ਕਿਊ ਈ ਡਬਲਿਊ ਨੂੰ ਕਰਨਾ ਪਿਆ ਬੰਦ




ਬਰਲਿੰਗਟਨ, 17 ਦਸੰਬਰ (ਪੋਸਟ ਬਿਊਰੋ) : ਐਤਵਾਰ ਸਵੇਰੇ ਬਰਲਿੰਗਟਨ ਸਕਾਇਵੇਅ ਉੱਤੇ ਨਾਇਗਰਾ ਜਾਣ ਵਾਲੇ ਕੁਈਨ ਐਲਿਜ਼ਾਬੈੱਥ ਵੇਅ ਨੂੰ ਉਸ ਸਮੇਂ ਬੰਦ ਕਰਨਾ ਪੈ ਗਿਆ ਜਦੋਂ ਤਿੰਨ ਗੱਡੀਆਂ ਆਪਸ ਵਿੱਚ ਟਕਰਾਅ ਗਈਆਂ।

ਪ੍ਰੋਵਿੰਸ਼ੀਅਲ ਪੁਲਿਸ ਨੇ ਦੱਸਿਆ ਕਿ ਦੋ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ। ਇੱਕ ਦੀ ਹਾਲਤ ਗੰਭੀਰ ਦੱਸੀ ਜਾਂਦੀ ਹੈ ਜਦਕਿ ਦੂਜੇ ਨੂੰ ਮਾਮੂਲੀ ਸੱਟਾਂ ਲੱਗੀਆਂ। ਤੀਜੇ ਵਿਅਕਤੀ ਨੂੰ ਕੋਈ ਸੱਟ ਫੇਟ ਲੱਗਣ ਦੀ ਖਬਰ ਨਹੀਂ ਮਿਲੀ ਹੈ।

ਪੁਲਿਸ ਇਸ ਘਟਨਾ ਦੇ ਸਬੰਧ ਵਿੱਚ ਬਹੁਤੇ ਵੇਰਵੇ ਜਾਰੀ ਨਹੀਂ ਕਰ ਸਕੀ ਬਸ ਇਹੋ ਦੱਸਿਆ ਗਿਆ ਕਿ ਹਾਦਸੇ ਵਿੱਚ ਇੱਕ ਟਰੈਕਟਰ ਟਰੇਲਰ ਤੇ ਦੋ ਹੋਰ ਗੱਡੀਆਂ ਸ਼ਾਮਲ ਸਨ। ਦੁਪਹਿਰ ਸਮੇਂ ਹਾਈਵੇਅ ਉੱਤੇ ਆਵਾਜਾਈ ਵੀ ਖੋਲ੍ਹ ਦਿੱਤੀ ਗਈ।

## ਇਟਲੀ ਵਿਚ ਵਿਸ਼ਵ ਦਾ ਸਭ ਤੋਂ ਵੱਡਾ ਕ੍ਰਿਸਮਸ ਟ੍ਰੀ ਬਣਾਇਆ



ਰੋਮ, 17 ਦਸੰਬਰ (ਪੋਸਟ ਬਿਊਰੋ): ਦੁਨੀਆਂ ਭਰ 'ਚ ਕ੍ਰਿਸਮਸ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਦੌਰਾਨ ਇਟਲੀ ਦੇ ਗੁਬਬੀਓ ਕਸਬੇ ਵਿੱਚ ਦੁਨੀਆਂ ਦੇ ਸਭ ਤੋਂ ਵੱਡੇ ਕ੍ਰਿਸਮਸ ਟ੍ਰੀ ਸਜਾਇਆ ਗਿਆ ਹੈ। ਇਹ ਅਸਲ ਵਿੱਚ ਕੋਈ ਦਰੱਖਤ ਨਹੀਂ ਸਗੋਂ ਮਾਊਂਟ ਇੰਗਿਨੋ ਦੀਆਂ ਢਲਾਣਾਂ 'ਤੇ ਬਿਜਲੀ ਨਾਲ ਬਣਿਆ 'ਟ੍ਰੀ' ਹੈ, ਜੋ ਕਿ 750 ਮੀਟਰ ਉੱਚਾ ਅਤੇ ਅਧਾਰ 'ਤੇ 450 ਮੀਟਰ ਚੌੜਾ ਹੈ। ਕ੍ਰਿਸਮਸ ਟ੍ਰੀ ਨੂੰ ਰੌਸ਼ਨ ਕਰਨ ਲਈ 7.5 ਕਿਲੋਮੀਟਰ ਲੰਬੀਆਂ ਬਿਜਲੀ ਦੀਆਂ ਤਾਰਾਂ ਅਤੇ ਸੈਂਕੜੇ ਲਾਈਟਾਂ ਦੀ ਵਰਤੋਂ ਕੀਤੀ ਗਈ ਹੈ।

## ਭਾਰਤ ਨੇ ਦੱਖਣੀ ਅਫਰੀਕਾ ਨੂੰ ਵੱਡੇ ਫਰਕ ਨਾਲ ਹਰਾਇਆ, ਭਾਰਤ ਦੀ ਇਤਿਹਾਸਕ ਜਿੱਤ



ਨਵੀਂ ਦਿੱਲੀ, 17 ਦਸੰਬਰ (ਪੋਸਟ ਬਿਊਰੋ): ਭਾਰਤੀ ਟੀਮ ਨੇ ਦੱਖਣੀ ਅਫਰੀਕਾ ਖਿਲਾਫ ਤਿੰਨ ਮੈਚਾਂ ਦੀ ਇੱਕ ਦਿਨਾ ਸੀਰੀਜ਼ ਦੀ ਸ਼ਾਨਦਾਰ ਸ਼ੁਰੂਆਤ ਕੀਤੀ ਅਤੇ ਪਹਿਲਾ ਮੈਚ 8 ਵਿਕਟਾਂ ਨਾਲ ਜਿੱਤ ਲਿਆ। ਇਸ ਨਾਲ ਟੀਮ ਇੰਡੀਆ ਨੇ ਹੁਣ ਇਸ ਸੀਰੀਜ਼ ਵਿਚ 1-0 ਦੀ ਬੜ੍ਹਤ ਬਣਾ ਲਈ ਹੈ। ਇਸ ਮੈਚ ਵਿਚ ਭਾਰਤੀ ਟੀਮ ਦੇ ਦੋ ਤੇਜ਼ ਗੇਂਦਬਾਜ਼ਾਂ ਦਾ ਜਾਦੂ ਦੇਖਣ ਨੂੰ ਮਿਲਿਆ, ਜਿਸ ਵਿਚ ਅਰਸ਼ਦੀਪ ਸਿੰਘ ਨੇ 5 ਵਿਕਟਾਂ ਅਤੇ ਅਵੇਸ਼ ਖਾਨ ਨੇ 4 ਵਿਕਟਾਂ ਲਈਆਂ, ਜਿਸ ਕਾਰਨ ਦੱਖਣੀ ਅਫਰੀਕਾ ਦੀ ਟੀਮ ਇਸ ਮੈਚ 'ਚ 27.3 ਓਵਰਾਂ 'ਚ ਸਿਰਫ 116 ਦੌੜਾਂ 'ਤੇ ਹੀ ਸਿਮਟ ਗਈ। ਟੀਮ ਇੰਡੀਆ ਨੇ ਇਹ ਟੀਚਾ 16.4 ਓਵਰਾਂ ਵਿੱਚ ਹਾਸਿਲ ਕਰ ਲਿਆ ਅਤੇ ਮੈਚ ਜਿੱਤ ਲਿਆ। ...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

MagGas Medical Brampton
MGM MAGGAS MEDICAL INC.
Helping you breathe deep and rest easy.
CPAP ਮਸ਼ੀਨਾਂ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
ਓਨਟਾਰੀਓ ਵਰਕਸ ਲਈ ਮੁਫ਼ਤ
ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀਜ਼ ਇੰਸਟ੍ਰਕਟਰ
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ >>

ਫੜਿਆ ਬੀ ਡੀ ਓ ਕਿਸੇ ਥਾਂ ਫੇਰ ਕਹਿੰਦੇ,
ਛਕ ਗਿਆ ਸੁਣੀਂਦਾ ਬੜਾ ਸੀ ਮਾਲ ਬੇਲੀ।
ਇਕੱਲੇ ਹੱਡ ਨਹੀਂ ਚੁੱਕਿਆ ਹੋਊ ਸੁਣਿਆ,
ਸਿਆਸੀ ਆਗੂ ਵੀ ਮਿਲੇ ਕੁਝ ਨਾਲ ਬੇਲੀ।
ਜਿਹੜੇ ਨਾਂਵਾਂ ਦੀ ਲਿਸਟ ਅਖਬਾਰ ਦਿੱਤੀ,
ਲੱਗਦੀ ਮੁਲਜ਼ਮਾਂ ਦੀ ਤਕੜੀ ਪਾਲ ਬੇਲੀ।
ਮਾਲ ਛਕਦਿਆਂ ਕੀਤੀ ਪ੍ਰਵਾਹ ਕੋਈ ਨਹੀਂ,
ਆਖਰ ਲੁਕੀ ਨਹੀਂ ਰਹੀ ਇਹ ਚਾਲ ਬੇਲੀ।
ਭ੍ਰਿਸ਼ਟਾਚਾਰੀਏ ਜਿਹੜੇ ਕੋਈ ਯਾਰ-ਮਿੱਤਰ,
ਮਲਾਈਆਂ ਚੱਟਣ ਤਾਂ ਕੱਢ ਦੇਣ ਵੱਟ ਬੇਲੀ।
ਬਚਿਆ ਖਾਤਾ ਨਾਕਦੀ ਕੋਈ ਰਹਿਣ ਦੇਂਦੇ,
ਸਿਉਂਕ ਦੇ ਵਾਂਗ ਸਮਾਜ ਲਿਆ ਚੱਟ ਬੇਲੀ।

**ਤੀਸ ਮਾਰ ਖਾਂ**

# ਬਠਿੰਡਾ ਵਿੱਚ 'ਵਿਕਾਸ ਕ੍ਰਾਂਤੀ' ਮੌਕੇ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਵੱਲੋਂ 1125 ਕਰੋੜ ਰੁਪਏ ਦੇ ਵਿਕਾਸ ਪ੍ਰਾਜੈਕਟਾਂ ਦਾ ਤੋਹਫਾ

ਚੰਡੀਗੜ੍ਹ, 17 ਦਸੰਬਰ (ਪੋਸਟ ਬਿਊਰੋ): ਬਠਿੰਡਾ ਸੰਸਦੀ ਹਲਕੇ ਦੇ ਵਿਕਾਸ ਨੂੰ ਵੱਡਾ ਹੁਲਾਰਾ ਦੇਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਅੱਜ 1125 ਕਰੋੜ ਰੁਪਏ ਦੀ ਲਾਗਤ ਵਾਲੇ ਕਈ ਵਿਕਾਸ ਪ੍ਰਾਜੈਕਟਾਂ ਦੀ ਸ਼ੁਰੂਆਤ ਕੀਤੀ ਜਦਕਿ ਕੁਝ ਨਵੇਂ ਪ੍ਰਾਜੈਕਟਾਂ ਦਾ ਐਲਾਨ ਕੀਤਾ ਜਿਸ ਨਾਲ 'ਵਿਕਾਸ ਕ੍ਰਾਂਤੀ' ਦੇ ਨਵੇਂ ਯੁੱਗ ਦਾ ਆਗਾਜ਼ ਹੋਵੇਗਾ।

ਮੁੱਖ ਮੰਤਰੀ ਅਤੇ ਦਿੱਲੀ ਦੇ ਮੁੱਖ ਮੰਤਰੀ ਨੇ ਬਠਿੰਡਾ ਵਿਖੇ 100 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਅਤਿ ਆਧੁਨਿਕ ਬੱਸ ਸਟੈਂਡ ਦਾ ਨੀਂਹ ਪੱਥਰ ਰੱਖਿਆ। ਇਸੇ ਤਰ੍ਹਾਂ ਉਨ੍ਹਾਂ ਨੇ ਮੁਲਤਾਨੀਆ ਅਤੇ ਜਨਤਾ ਨਗਰ ਵਿਖੇ 88.94 ਕਰੋੜ ਰੁਪਏ ਦੀ ਲਾਗਤ ਨਾਲ ਰੇਲਵੇ ਓਵਰ ਬ੍ਰਿਜ ਅਤੇ ਅਮਰਪੁਰਾ ਬਸਤੀ ਵਿਖੇ 49.15 ਕਰੋੜ ਰੁਪਏ ਦੀ ਰੇਲਵੇ ਓਵਰ ਬ੍ਰਿਜ ਦਾ ਐਲਾਨ ਕੀਤਾ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਟ੍ਰੈਫਿਕ ਵਿਵਸਥਾ ਨੂੰ ਸੁਚਾਰੂ ਬਣਾਉਣ ਲਈ 94.11 ਕਰੋੜ ਰੁਪਏ ਦੀ ਲਾਗਤ ਨਾਲ ਬਠਿੰਡਾ ਵਿਖੇ ਰਿੰਗ ਰੋਡ ਦੇ ਨਿਰਮਾਣ ਦੇ ਕੰਮ ਦੀ ਸ਼ੁਰੂਆਤ ਵੀ ਕੀਤੀ।

ਦੋਵਾਂ ਮੁੱਖ ਮੰਤਰੀਆਂ ਨੇ 12.78 ਕਰੋੜ ਰੁਪਏ ਦੀ ਲਾਗਤ ਨਾਲ ਮਲੋਟ-ਬਾਦਲ ਸੜਕ ਨੂੰ ਦੁਬਾਰਾ ਬਣਾਉਣ ਦੇ ਕੰਮ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਨੇ ਬਠਿੰਡਾ ਵਾਸੀਆਂ ਨੂੰ 27.15 ਕਰੋੜ ਰੁਪਏ ਦੀ ਲਾਗਤ ਵਾਲੇ ਬਹੁ-ਮੰਤਵੀ ਆਡੀਟੋਰੀਅਮ ਦੀ ਵੀ ਸੌਗਾਤ ਦਿੱਤੀ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਬਠਿੰਡਾ ਦੇ ਸਿਵਲ ਹਸਪਤਾਲ ਵਿਖੇ 15.61 ਕਰੋੜ ਰੁਪਏ ਦੀ ਲਾਗਤ ਨਾਲ 50 ਬਿਸਤਰਿਆਂ ਵਾਲੇ ਕ੍ਰਿਟੀਕਲ ਕੇਅਰ ਯੂਨਿਟ (ਸੀਸੀਯੂ) ਦੀ ਉਸਾਰੀ ਦੇ ਕੰਮ ਦੀ ਸ਼ੁਰੂਆਤ ਵੀ ਕੀਤੀ।

ਦੋਵਾਂ ਮੁੱਖ ਮੰਤਰੀਆਂ ਨੇ ਭੂਮੀ ਅਤੇ ਜਲ ਸੰਭਾਲ ਵਿਭਾਗ ਵੱਲੋਂ 6.87 ਕਰੋੜ ਰੁਪਏ ਦੀ ਲਾਗਤ ਨਾਲ ਕੀਤੇ ਜਾ ਰਹੇ ਵੱਖ-ਵੱਖ ਵਿਕਾਸ ਕੰਮਾਂ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਨੇ ਗੋਨਿਆਣਾ ਮੰਡੀ ਵਿੱਚ 2.99 ਕਰੋੜ ਰੁਪਏ ਦੀ ਲਾਗਤ ਨਾਲ ਸਬ-ਤਹਿਸੀਲ ਦੀ ਇਮਾਰਤ ਦੀ ਉਸਾਰੀ ਦਾ ਕੰਮ ਵੀ ਸ਼ੁਰੂ ਕੀਤਾ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਤਲਵੰਡੀ ਸਾਬੋ ਅਤੇ ਰਾਮਾ ਵਿੱਚ ਵਾਟਰ ਸਪਲਾਈ ਤੇ ਸੀਵਰੇਜ ਦੇ 20.07 ਕਰੋੜ ਰੁਪਏ ਦੇ ਪ੍ਰੋਜੈਕਟ ਵੀ ਤੋਹਫੇ ਵਿੱਚ ਦਿੱਤੇ।



ਦੋਵਾਂ ਮੁੱਖ ਮੰਤਰੀਆਂ ਨੇ ਤਲਵੰਡੀ ਸਾਬੋ ਵਿਖੇ 6.62 ਕਰੋੜ ਰੁਪਏ ਦੀ ਲਾਗਤ ਵਾਲੇ 30 ਬਿਸਤਰਿਆਂ ਵਾਲਾ ਜੱਚਾ-ਬੱਚਾ ਹਸਪਤਾਲ ਦੀ ਵੀ ਸੌਗਾਤ ਦਿੱਤੀ। ਉਨ੍ਹਾਂ ਨੇ ਸਬ-ਡਵੀਜ਼ਨ ਤਲਵੰਡੀ ਸਾਬੋ ਦੀ ਨਵੀਂ ਇਮਾਰਤ ਬਣਾਉਣ ਲਈ 5.98 ਕਰੋੜ ਰੁਪਏ ਦਾ ਪ੍ਰਾਜੈਕਟ ਵੀ ਦਿੱਤਾ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਮੌੜ ਵਿਖੇ 23.91 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਨੀਂਹ ਪੱਥਰ ਵੀ ਰੱਖਿਆ।

ਦੋਵਾਂ ਮੁੱਖ ਮੰਤਰੀਆਂ ਨੇ 2.30 ਕਰੋੜ ਰੁਪਏ ਦੀ ਲਾਗਤ ਨਾਲ ਸਬ-ਤਹਿਸੀਲ ਬਾਲਿਆਂਵਾਲੀ ਦੀ ਇਮਾਰਤ ਦੀ ਉਸਾਰੀ ਦੇ ਕੰਮ ਦੀ ਸ਼ੁਰੂਆਤ ਵੀ ਕੀਤੀ। ਉਨ੍ਹਾਂ ਨੇ ਨਥਾਣਾ ਵਿੱਚ 29.09 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਜਲ ਸਪਲਾਈ ਅਤੇ ਸੀਵਰੇਜ ਪ੍ਰਾਜੈਕਟਾਂ ਦੀ ਵੀ ਸੌਗਾਤ ਦਿੱਤੀ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਸਬ-ਤਹਿਸੀਲ ਨਥਾਣਾ ਦੀ 2.76 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਇਮਾਰਤ ਦਾ ਨੀਂਹ ਪੱਥਰ ਵੀ ਰੱਖਿਆ।

ਦੋਵਾਂ ਮੁੱਖ ਮੰਤਰੀਆਂ ਨੇ ਆਲੂਆਂ ਦੇ ਭੰਡਾਰਨ ਲਈ ਕਿਸਾਨਾਂ ਦੀ ਸਹੂਲਤ ਲਈ ਪ੍ਰਬੰਧ ਕਰਨ ਵਾਸਤੇ 14.96 ਕਰੋੜ ਰੁਪਏ ਦੇ ਪ੍ਰਾਜੈਕਟ ਦਾ ਐਲਾਨ ਵੀ ਕੀਤਾ। ਉਨ੍ਹਾਂ ਨੇ ਰਾਮਪੁਰਾ ਫੂਲ ਵਿਖੇ ਉਪ ਮੰਡਲ ਦਫ਼ਤਰ ਦੀ 7.51 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਨਵੀਂ ਇਮਾਰਤ ਦਾ ਨੀਂਹ ਪੱਥਰ ਵੀ ਰੱਖਿਆ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਬੋਰੇਵਾਲ ਵਿਖੇ 25.69 ਕਰੋੜ ਰੁਪਏ ਦੀ ਲਾਗਤ ਨਾਲ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਦਾ ਸੀ-ਪਾਈਟ ਪ੍ਰੋਜੈਕਟ ਸਥਾਪਤ ਕਰਨ ਦਾ ਵੀ ਐਲਾਨ ਕੀਤਾ।

ਦੋਵਾਂ ਮੁੱਖ ਮੰਤਰੀਆਂ ਨੇ 4.26 ਕਰੋੜ ਰੁਪਏ ਦੀ ਲਾਗਤ ਨਾਲ ਬੁਢਲਾਡਾ-ਸੁਨਾਮ ਸੜਕ ਨੂੰ ਚੌੜਾ ਕਰਨ ਦੇ ਪ੍ਰਾਜੈਕਟ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਨੇ ਮਾਨਸਾ ਵਿੱਚ 6.93 ਕਰੋੜ ਰੁਪਏ ਦੀ ਲਾਗਤ ਨਾਲ ਸੀਨੀਅਰ ਸਿਟੀਜ਼ਨਜ਼ ਦੀ ਉਸਾਰੀ ਦਾ ਪ੍ਰਾਜੈਕਟ ਵੀ ਤੋਹਫ਼ੇ ਵਜੋਂ ਦਿੱਤਾ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਨੌਜਵਾਨਾਂ ਨੂੰ ਤਕਨੀਕੀ ਸਿਖਲਾਈ ਦੇ ਕੇ ਆਤਮ ਨਿਰਭਰ ਬਣਾਉਣ ਲਈ ਢੈਪਈ ਵਿਖੇ 6.42 ਕਰੋੜ ਰੁਪਏ ਦੀ ਲਾਗਤ ਨਾਲ ਸਰਕਾਰੀ ਆਈ.ਟੀ.ਆਈ. ਦਾ ਪ੍ਰਾਜੈਕਟ ਵੀ ਦਿੱਤਾ।

ਦੋਵਾਂ ਮੁੱਖ ਮੰਤਰੀਆਂ ਨੇ ਮਾਨਸਾ ਵਿੱਚ ਪੰਜਾਬ ਮੰਡੀ ਬੋਰਡ ਵੱਲੋਂ ਕਈ ਸੜਕਾਂ ਦੀ ਮੁਰੰਮਤ ਕਰਨ ਲਈ 2.65 ਕਰੋੜ ਰੁਪਏ ਦੇ ਪ੍ਰਾਜੈਕਟ ਵੀ ਤੋਹਫੇ ਵਜੋਂ ਦਿੱਤੇ। ਉਨ੍ਹਾਂ ਨੇ ਸਰਦੂਲਗੜ੍ਹ-ਮਾਨਸਾ-ਰੋੜੀ ਵਿਚਕਾਰ 20.92 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸੜਕ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਨੇ ਜਲ ਸਰੋਤ ਵਿਭਾਗ ਲਈ 39.96 ਕਰੋੜ ਰੁਪਏ ਦੇ ਵੱਖ-ਵੱਖ ਕੰਮਾਂ ਦਾ ਐਲਾਨ ਵੀ ਕੀਤਾ।

ਦੋਵਾਂ ਮੁੱਖ ਮੰਤਰੀਆਂ ਨੇ ਲੰਬੀ ਵਿੱਚ 0.94 ਕਰੋੜ ਦੀ ਲਾਗਤ ਨਾਲ ਸੜਕ ਦੇ ਦੋਵੇਂ ਪਾਸੇ ਇੰਟਰਲਾਕਿੰਗ ਟਾਈਲਾਂ ਲਾਉਣ ਦੇ ਕੰਮ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਨੇ ਸਿਹਤ ਵਿਭਾਗ ਨਾਲ ਸਬੰਧਤ 0.68 ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟ ਵੀ ਤੋਹਫੇ ਵਜੋਂ ਦਿੱਤੇ। ਇਸ ਤੋਂ ਇਲਾਵਾ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ 573 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਭਰ ਦੇ ਸੀਵਰੇਜ ਸਿਸਟਮ ਨੂੰ ਅਪਗ੍ਰੇਡ ਕਰਨ ਦੇ ਕੰਮ ਦੀ ਸ਼ੁਰੂਆਤ ਵੀ ਕੀਤੀ।

## ਘਰ ਵਿੱਚ ਲੱਗੀ ਅੱਗ ਕਾਰਨ ਇੱਕ ਵਿਅਕਤੀ ਹੋਇਆ ਜ਼ਖ਼ਮੀ



ਸਕਾਰਬਰੋ, 17 ਦਸੰਬਰ (ਪੋਸਟ ਬਿਊਰੋ): ਬੀਤੇ ਦਿਨ ਸਕਾਰਬਰੋ ਵਿੱਚ ਇੱਕ ਘਰ ਵਿੱਚ ਦੋ ਅਲਾਰਮ ਵਾਲੀ ਅੱਗ ਲੱਗ ਜਾਣ ਕਾਰਨ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ। ਉਸ ਨੂੰ ਫੌਰਨ ਹਸਪਤਾਲ ਲਿਜਾਇਆ ਗਿਆ।

ਘਰ ਨੂੰ ਅੱਗ ਲੱਗ ਜਾਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਰਾਤੀਂ 8:30 ਵਜੇ ਦੇ ਨੇੜੇ ਤੇੜੇ ਸਕਾਰਬਰੋ ਗੌਲਫ ਕਲੱਬ ਰੋਡ ਤੇ ਐਲਸਮੇਅਰ ਰੋਡ ਏਰੀਆ ਵਿੱਚ ਸਥਿਤ ਫਰੌਲਿਕ ਕ੍ਰੀਸੈਂਟ ਤੋਂ ਫਾਇਰ ਕ੍ਰਿਊ ਨੂੰ ਸੱਦਿਆ ਗਿਆ।

ਮੌਕੇ ਉੱਤੇ ਪਹੁੰਚਣ ਉਤੇ ਟੋਰਾਂਟੋ ਫਾਇਰ ਸਰਵਿਸਿਜ਼ ਨੂੰ ਭਾਰੀ ਧੂੰਆਂ ਮਿਲਿਆ ਤੇ ਇਸ ਨੂੰ ਦੋ ਅਲਾਰਮ ਵਾਲੀ ਫਾਇਰ ਦਾ ਦਰਜਾ ਦਿੱਤਾ ਗਿਆ। ਅਮਲੇ ਵੱਲੋਂ ਅੱਗ ਦੇ ਮੁੱਖ ਸਰੋਤ ਉੱਤੇ ਫੌਰੀ ਕਾਬੂ ਪਾ ਲਿਆ ਗਿਆ। ।

# ਭਾਰਤ ਨੇ ਦੱਖਣੀ ਅਫਰੀਕਾ ਨੂੰ ਵੱਡੇ ਫਰਕ ਨਾਲ ਹਰਾਇਆ, ਭਾਰਤ ਦੀ ਇਤਿਹਾਸਕ ਜਿੱਤ

ਪੰਨਾ 1 ਦਾ ਬਾਕੀ

ਕੇ.ਐੱਲ. ਰਾਹੁਲ ਦੀ ਕਪਤਾਨੀ 'ਚ ਭਾਰਤੀ ਟੀਮ ਨੇ ਨਾ ਸਿਰਫ ਦੱਖਣੀ ਅਫਰੀਕਾ ਨੂੰ ਹਰਾਇਆ ਸਗੋਂ ਵੰਨਡੇ ਫਾਰਮੈਟ 'ਚ ਵੀ ਟੀਮ ਇੰਡੀਆ ਦੀ ਐਨੀਆਂ ਗੇਂਦਾਂ ਵਿਚ ਹੀ ਦੱਖਣੀ ਅਫਰੀਕਾ ਖਿਲਾਫ ਹੁਣ ਤੱਕ ਦੀ ਸਭ ਤੋਂ ਵੱਡੀ ਜਿੱਤ ਹੈ। ਇਸ ਤੋਂ ਇਲਾਵਾ ਗੇਂਦਾਂ ਦੇ ਫਰਕ ਨਾਲ ਵਨਡੇ 'ਚ ਕਿਸੇ ਵੀ ਟੀਮ ਖਿਲਾਫ ਭਾਰਤ ਦੀ ਇਹ ਹੁਣ ਤੱਕ ਦੀ ਚੌਥੀ ਸਭ ਤੋਂ ਵੱਡੀ ਜਿੱਤ ਹੈ। ਦੱਖਣੀ ਅਫਰੀਕਾ ਦੀ ਵਨਡੇ 'ਚ ਇਸ ਫਰਕ ਨਾਲ ਇਹ ਦੂਜੀ ਸਭ ਤੋਂ ਵੱਡੀ ਹਾਰ ਹੈ। ਜੇਕਰ ਅਸੀਂ ਭਾਰਤੀ ਟੀਮ ਖਿਲਾਫ ਪਿਛਲੇ ਤਿੰਨ ਵਨਡੇ ਮੈਚਾਂ 'ਚ ਦੱਖਣੀ ਅਫਰੀਕਾ ਦੇ ਪ੍ਰਦਰਸ਼ਨ 'ਤੇ ਨਜ਼ਰ ਮਾਰੀਏ ਤਾਂ ਇਕ ਵਾਰ ਉਸ ਨੇ 99 ਦੌੜਾਂ ਬਣਾਈਆਂ, ਦੂਜੀ ਵਾਰ ਉਸ ਨੇ 83 ਦੌੜਾਂ ਬਣਾਈਆਂ ਜਦਕਿ ਇਸ ਮੈਚ 'ਚ ਉਹ 116 ਦੌੜਾਂ ਤੱਕ ਹੀ ਸੀਮਤ ਰਹੀ।



ਖੱਬੇ ਹੱਥ ਦੇ ਸਲਾਮੀ ਬੱਲੇਬਾਜ਼ ਸਾਈ ਸੁਦਰਸ਼ਨ ਨੂੰ ਇਸ ਮੈਚ 'ਚ ਟੀਮ ਇੰਡੀਆ ਲਈ ਡੈਬਿਊ ਕਰਨ ਦਾ ਮੌਕਾ ਮਿਲਿਆ ਅਤੇ ਉਸ ਨੇ ਇਸ ਦਾ ਪੂਰਾ ਫਾਇਦਾ ਉਠਾਇਆ ਅਤੇ 55 ਦੌੜਾਂ ਦੀ ਸ਼ਾਨਦਾਰ ਅਜੇਤੂ ਪਾਰੀ ਖੇਡੀ। ਇਸ ਦੇ ਨਾਲ ਹੀ ਸੁਦਰਸ਼ਨ ਵਨਡੇ ਫਾਰਮੈਟ ਵਿੱਚ ਭਾਰਤ ਲਈ ਡੈਬਿਊ ਮੈਚ ਵਿੱਚ 50 ਤੋਂ ਵੱਧ ਦੌੜਾਂ ਬਣਾਉਣ ਵਾਲਾ ਚੌਥਾ ਸਲਾਮੀ ਬੱਲੇਬਾਜ਼ ਬਣ ਗਿਆ ਹੈ। ਇਸ ਤੋਂ ਪਹਿਲਾਂ ਰੌਬਿਨ ਉਥੱਪਾ, ਕੇਐੱਲ ਰਾਹੁਲ ਅਤੇ ਫੈਜ਼ ਫਜ਼ਲ ਇਹ ਕਾਰਨਾਮਾ ਕਰਨ 'ਚ ਸਫਲ ਰਹੇ ਹਨ।















# ਪੁਸਤਕ ਸੱਭਿਆਚਾਰ ਲਈ ਸਭ ਪੰਜਾਬੀ ਆਪੋ ਆਪਣੇ ਘਰੀਂ ਕਿਤਾਬਾਂ ਲਈ ਵਿਸ਼ੇਸ਼ ਅਲਮਾਰੀਆਂ ਬਣਾਉਣ : ਪ੍ਰੋ.ਗੁਰਭਜਨ ਸਿੰਘ ਗਿੱਲ



ਲੁਧਿਆਣਾ, 17 ਦਸੰਬਰ (ਗਿਆਨ ਸਿੰਘ): ਪੰਜਾਬੀ ਭਵਨ ਲੁਧਿਆਣਾ ਦੇ ਸਾਈਂ ਮੀਆਂ ਮੀਰ ਪੁਸਤਕ ਬਾਜ਼ਾਰ ਵਿੱਚ ਅੱਜ ਨਵੇਂ ਖੁੱਲ੍ਹੇ "ਕਿਤਾਬ ਘਰ" (ਹਾਊਸ ਆਫ਼ ਲਿਟਰੇਚਰ) ਦਾ ਉਦਘਾਟਨ ਕਰਦਿਆਂ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਹੈ ਕਿ ਪੁਸਤਕ ਸੱਭਿਆਚਾਰ ਦੀ ਉਸਾਰੀ ਲਈ ਸਭ ਪੰਜਾਬੀ ਆਪੋ ਆਪਣੇ ਘਰਾਂ ਵਿੱਚ ਕਿਤਾਬਾਂ ਲਈ ਵਿਸ਼ੇਸ਼ ਅਲਮਾਰੀਆਂ ਬਣਾਉਣ।

ਉਨ੍ਹਾਂ ਕਿਹਾ ਕਿ ਸ਼ਬਦ ਗੁਰੂ ਦੀ ਧਰਤੀ ਪੰਜਾਬ ਵਿੱਚ ਕਿਤਾਬਾਂ ਦੀ ਸਰਦਾਰੀ ਕਾਇਮ ਕਰਨ ਲਈ ਹਰ ਪੰਜਾਬੀ ਹਿੰਮਤ ਕਰੇ। ਜਨਮ ਦਿਨ, ਵਿਆਹ ਸ਼ਾਦੀ ਅਤੇ ਹੋਰ ਸ਼ੁਭ ਮੌਕਿਆਂ ਤੇ ਸ਼ਗਨ ਰੂਪ ਵਿੱਚ ਕਿਤਾਬਾਂ ਦੇਣ ਦੀ ਵੀ ਪਿਰਤ ਪਾਉਣੀ ਚਾਹੀਦੀ ਹੈ। ਉਨ੍ਹਾਂ ਕਿਤਾਬ ਘਰ ਦੇ ਸੰਚਾਲਕ ਤੇ ਮਾਲਕ ਵਿਜੈ ਕੁਮਾਰ ਨੂੰ ਮੁਬਾਰਕ ਦਿੱਤੀ ਜਿਸ ਨੇ ਲਗਪਗ ਡੇਢ ਦਹਾਕਾਲੰਮੇ ਪੁਸਤਕ ਵਿਕਰੀ ਦੇ ਤਜ਼ਰਬੇ ਉਪਰੰਤ ਆਪਣਾ ਕਾਰੋਬਾਰ ਆਰੰਭਿਆ ਹੈ। ਇਸ ਮੌਕੇ ਉਨ੍ਹਾਂ ਦੀਪ ਜਗਦੀਪ ਸਿੰਘ ਵੱਲੋਂ ਭਗਵਤੀ ਚਰਨ ਵਰਮਾ ਦੇ ਨਾਵਲ ਚਿਤਰਲੇਖਾ ਦਾ ਪੰਜਾਬੀ ਅਨੁਵਾਦ ਵੀ ਲੋਕ ਅਰਪਨ ਕੀਤਾ।

ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਪ੍ਰਧਾਨ ਡਾ. ਲਖਵਿੰਦਰ ਸਿੰਘ ਜੌਹਲ ਨੇ ਕਿਹਾ ਕਿ ਪੰਜਾਬੀ ਪੁਸਤਕਾ ਦੇ ਇਸ ਨਵੇਂ ਵਿਕਰੀ ਕੇਂਦਰ ਦੇ ਸ਼ੁਰੂ ਹੋਣ ਨਾਲ ਵੰਨ ਸੁਵੰਨਤੀ ਆਵੇਗੀ ਅਤੇ ਨਿੱਕੇ ਪ੍ਰਕਾਸ਼ਕਾਂ ਨੂੰ ਵੀ ਵਿਕਰੀ ਲਈ ਚੰਗਾ ਸਥਾਨ ਹਾਸਲ ਹੋਵੇਗਾ।

ਉਨ੍ਹਾਂ ਇਸ ਮੌਕੇ ਰਸੂਲ ਹਮਜ਼ਾਤੋਵ ਦੀ ਜਗਤ ਪ੍ਰਸਿੱਧ ਪੁਸਤਕ "ਮੇਰਾ ਦਾਗਿਸਤਾਨ" ਦੇ ਦੋਵੇ ਭਾਗ ਇੱਕ ਜਿਲਦ ਵਿੱਚ ਖ਼ਰੀਦੇ। ਪੰਜਾਬੀ ਚਿੰਤਕ ਸਤਿਨਾਮ ਸਿੰਘ ਮਾਣਕ, ਨਾਵਲਕਾਰ ਕੁਲਦੀਪ ਸਿੰਘ ਬੇਦੀ , ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਡਾ. ਹਰਜਿੰਦਰ ਸਿੰਘ ਅਟਵਾਲ,ਪੰਜਾਬੀ ਸਾਹਿੱਤ ਅਕਾਡਮੀ ਦੇ ਸਾਬਕਾ ਪ੍ਰਧਾਨ ਪ੍ਰੋ. ਰਵਿੰਦਰ ਭੱਠਲ,ਲੋਕ ਮੰਚ ਪੰਜਾਬ ਦੇ ਪ੍ਰਧਾਨ ਤੇ ਆਪਣੀ ਆਵਾਜ਼ ਮਾਸਿਕ ਮੈਗਜ਼ੀਨ ਦੇ ਸੰਪਾਦਕ ਸੁਰਿੰਦਰ ਸਿੰਘ ਸੁੱਨੜ, ਡਾਃ ਗੁਰਇਕਬਾਲ ਸਿੰਘ, ਤ੍ਰੈਲੋਚਨ ਲੋਚੀ, ਪੰਜਾਬੀ ਕਵੀ ਤੇ ਪੱਤਰਕਾਰ ਦੀਪਕ ਚਨਾਰਥਲ, ਦੋਆ-ਬਾ ਕਾਲਿਜ ਜਲੰਧਰ ਦੇ ਪੰਜਾਬੀ ਵਿਭਾਗ ਮੁਖੀ ਡਾ. ਓਮਿੰਦਰ ਜੌਹਲ, ਸੁਰਿੰਦਰਦੀਪ, ਦੀਪ ਜਗਦੀਪ ਸਿੰਘ, ਤ੍ਰੈਮਾਸਿਕ ਮੈਗਜ਼ੀਨ ਕਹਾਣੀ ਧਾਰਾ ਦੇ ਸੰਪਾਦਕ ਭਗਵੰਤ ਰਸੂਲਪੁਰੀ ਵੀ ਇਸ ਮੌਕੇ ਵਿਜੈ ਕੁਮਾਰ ਨੂੰ ਆਸ਼ੀਰਵਾਦ ਦੇਣ ਪੁੱਜੇ।

# ਹੁਣ ਯੂਨਾਨ ਵਿੱਚ ਵੀ ਸਰਬੱਤ ਦਾ ਭਲਾ ਟਰੱਸਟ ਦਫ਼ਤਰ ਖੋਲ੍ਹੇਗਾ, ਪ੍ਰਵਾਸੀ ਕਾਮਿਆਂ ਦੀ ਮੱਦਦ ਲਈ ਡਾ. ਓਬਰਾਏ ਕਰਨਗੇ ਸਹਿਯੋਗ



ਅੰਮ੍ਰਿਤਸਰ, 17 ਦਸੰਬਰ (ਗਿਆਨ ਸਿੰਘ): ਆਪਣੀ ਨਿਸ਼ਕਾਮ ਸੇਵਾ ਦੀ ਬਦੌਲਤ ਪੂਰੀ ਦੁਨੀਆਂ ਅੰਦਰ ਪੰਜਾਬੀਅਤ ਦਾ ਮਾਣ ਵਧਾਉਣ ਵਾਲੇ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰਸਟ ਦੇ ਬਾਨੀ ਡਾ: ਐਸ ਪੀ ਸਿੰਘ ਓਬਰਾਏ ਵੱਲੋਂ ਹੁਣ ਯੂਰਪੀ ਦੇਸ਼ ਗਰੀਸ (ਯੂਨਾਨ) ਵਿਖੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦਾ ਦਫਤਰ ਖੋਲ੍ਹਣ ਦਾ ਫ਼ੈਸਲਾ ਕੀਤਾ ਗਿਆ ਹੈ।

ਪਿਛਲੇ ਦਿਨੀ ਆਪਣੀ ਧਰਮ ਪਤਨੀ ਸ਼੍ਰੀਮਤੀ ਮਨਿੰਦਰ ਕੌਰ ਸਮੇਤ ਯੂਨਾਨ ਦਾ ਦੌਰਾ ਕਰਨ ਉਪਰੰਤ ਭਾਰਤ ਪਹੁੰਚੇ ਡਾ.ਐਸ.ਪੀ.ਸਿੰਘ ਓਬਰਾਏ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਦੌਰਾਨ ਉਨ੍ਹਾਂ ਨੇ ਗਰੀਸ ਦੇ ਇੱਕ ਦਰਜਨ ਦੇ ਕਰੀਬ ਗੁਰਦੁਆਰਿਆਂ ਦੀਆਂ ਪ੍ਰਬੰਧਕ ਕਮੇਟੀਆਂ, ਉਥੋਂ ਦੇ ਉਦਯੋਗਪਤੀਆਂ ਤੇ ਹੋਰਨਾਂ ਮੋਹਤਬਰਾਂ ਨਾਲ ਵੱਖ-ਵੱਖ ਮੀਟਿੰਗਾਂ ਤੇ ਵਿਚਾਰ-ਚਰਚਾ ਕਰਨ ਉਪਰੰਤ ਗਰੀਸ ਅੰਦਰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਇਕ 21 ਮੈਂਬਰੀ ਕਮੇਟੀ ਦਾ ਗਠਨ ਕਰਨ ਦਾ ਫੈਸਲਾ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਟਰੱਸਟ ਦਾ ਦਫ਼ਤਰ ਖੁੱਲ੍ਹਣ ਨਾਲ ਗਰੀਸ ਵਿੱਚ ਕੰਮ ਕਰਨ ਵਾਲੇ ਭਾਰਤੀਆਂ ਨੂੰ ਆਉਂਦੀਆਂ ਮੁਸ਼ਕਲਾਂ ਦੇ ਹੱਲ ਲਈ ਉੱਥੇ ਮੌਜੂਦ ਭਾਰਤੀ ਦੂਤਾਵਾਸ ਦੇ ਸਹਿਯੋਗ ਨਾਲ ਹਰ ਸੰਭਵ ਯਤਨ ਕੀਤੇ ਜਾਣਗੇ। ਉਹਨਾਂ ਇਹ ਵੀ ਦੱਸਿਆ ਕਿ ਸਰਬੱਤ ਦਾ ਭਲਾ ਟਰੱਸਟ ਵੱਲੋਂ ਜਿਸ ਤਰ੍ਹਾਂ ਖਾੜੀ ਮੁਲਕਾਂ ਅੰਦਰ ਕਿਸੇ ਕਾਰਨ ਆਪਣੀ ਜਾਨ ਗਵਾਉਣ ਵਾਲੇ ਭਾਰਤੀ ਲੋਕਾਂ ਦੇ ਮ੍ਰਿਤਕ ਸਰੀਰ ਉਨ੍ਹਾਂ ਦੇ ਵਾਰਸਾਂ ਤੱਕ ਭਾਰਤ ਭੇਜਣ ਵਿਚ ਸਹਿਯੋਗ ਦੇਣ ਤੋਂ ਇਲਾਵਾ ਲੋੜਵੰਦ ਪੀੜਤ ਪਰਿਵਾਰਾਂ ਨੂੰ ਪੈਨਸ਼ਨ ਦੇਣ ਤੋਂ ਇਲਾਵਾ ਜੇਕਰ ਮ੍ਰਿਤਕ ਵਿਅਕਤੀ ਦੀ ਪਿੱਛੇ ਧੀ ਹੁੰਦੀ ਹੈ ਤਾਂ ਟਰੱਸਟ ਵੱਲੋਂ ਉਸ ਲੜਕੀ ਦੇ ਨਾਂ ਤੇ ਉਸ ਦੀ ਉਮਰ ਅਨੁਸਾਰ, ਭਾਵ ਜੇਕਰ ਉਮਰ 3-4 ਸਾਲ ਹੈ ਤਾਂ 1 ਲੱਖ ਰੁਪਏ, ਜੇਕਰ 7-8 ਸਾਲ ਹੈ ਤਾਂ 2 ਲੱਖ ਰੁਪਏ ਜਦ ਕਿ 13-14 ਸਾਲ ਵਾਲੀ ਲੜਕੀ ਦੇ ਨਾਂ ਤੇ ਬੈਂਕ ਵਿਚ 4 ਲੱਖ ਰੁਪਏ ਦੀ ਐੱਫ.ਡੀ.ਆਰ. ਬਣਵਾ ਕੇ ਦਿੱਤੀ ਜਾਂਦੀ ਹੈ। ਉਹਨਾਂ ਦੱਸਿਆ ਕਿ ਇਸੇ ਤਰ੍ਹਾਂ ਹੀ ਬੇਸ਼ੱਕ ਗਰੀਸ ਤੋਂ ਮ੍ਰਿਤਕ ਸਰੀਰ ਭੇਜਣ ਦਾ ਖਰਚਾ ਭਾਰਤੀ ਦੂਤਘਰ ਦੁਆਰਾ ਕੀਤਾ ਜਾਂਦਾ ਹੈ ਪਰ ਉਨ੍ਹਾਂ ਨੇ ਫੈਸਲਾ ਕੀਤਾ ਹੈ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਗਰੀਸ ਤੋਂ ਪੰਜਾਬ ਜਾਣ ਵਾਲੇ ਮ੍ਰਿਤਕ ਸਰੀਰਾਂ ਨੂੰ ਏਅਰਪੋਰਟ ਤੋਂ ਲੈ ਕੇ ਉਨ੍ਹਾਂ ਦੇ ਵਾਰਸਾਂ ਤੱਕ ਪਹੁੰਚਾਉਣ ਅਤੇ ਲੋੜਵੰਦ ਪਰਿਵਾਰਾਂ ਦੀ ਪੈਨਸ਼ਨ ਅਤੇ ਪੀੜਤ ਧੀਆਂ ਨੂੰ ਐਫ.ਡੀ.ਆਰ. ਦੀ ਸਹੂਲਤ ਦੇਣ ਵੀ ਦਿੱਤੀ ਜਾਵੇਗੀ।

ਜ਼ਿਕਰਯੋਗ ਹੈ ਕਿ ਇਸ ਦੌਰਾਨ ਗੁਰ-ਦੁਆਰਾ ਸ੍ਰੀ ਨਾਨਕ ਦਰਬਾਰ ਏਥਨਜ਼ ਅਤੇ ਗੁਰਦੁਆਰਾ ਸਿੰਘ ਸਭਾ ਮੈਨਿਧੀ, ਗਰੀਸ ਵੱਲੋਂ ਡਾ. ਐਸ.ਪੀ. ਸਿੰਘ ਓਬਰਾਏ ਅਤੇ ਉਨ੍ਹਾਂ ਦੀ ਧਰਮ ਪਤਨੀ ਸ਼੍ਰੀਮਤੀ ਮਨਿੰਦਰ ਕੌਰ ਓਬਰਾਏ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਜਿਸ ਦੌਰਾਨ ਗਰੀਸ ਵਿਖੇ ਭਾਰਤੀ ਅੰਬੈਸਡਰ ਰੁਦਰੇਦਰਾ ਟੰਡਨ ਅਤੇ ਗੁਰਦੁਆਰਾ ਸ੍ਰੀ ਨਾਨਕ ਦਰਬਾਰ ਦੇ ਪ੍ਰਧਾਨ ਦਲਜੀਤ ਸਿੰਘ ਸਮੇਤ ਗੁਰਦੁਆਰਾ ਸਾਹਿਬਾਨਾਂ ਦੀਆਂ ਕਮੇਟੀਆਂ ਦੇ ਮੈਂਬਰ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।







ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202


## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ।
ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com










# ਲੋਕਤੰਤਰ ਦੀ ਕੇਂਦਰੀਕ੍ਰਿਤ ਵੰਨਗੀ ਦਾ ਉਭਾਰ ਹੁੰਦਾ ਲੱਗਦਾ ਹੈ ਭਾਰਤ ਵਿੱਚ

ਜਤਿੰਦਰ ਪਨੂੰ ਦੀ ਕਲਮ ਤੋਂ



ਸਾਡੇ ਪੰਜਾਬ ਦੇ ਲੋਕ ਅਤੇ ਪੰਜਾਬ ਤੋਂ ਕਿਸੇ ਦੂਸਰੇ ਦੇਸ਼ ਜਾਂ ਰਾਜ ਵਿੱਚ ਗਏ ਲੋਕ ਇਹ ਸੋਚਦੇ ਹਨ ਕਿ ਅਗਲੇ ਸਾਲ ਹੋਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਏਥੇ ਕਿਸ ਪਾਰਟੀ ਦਾ ਕਿਸ ਨਾਲ ਗੱਠਜੋੜ ਬਣੇਗਾ ਜਾਂ ਨਹੀਂ ਬਣੇਗਾ ਅਤੇ ਜੋ ਵੀ ਹਾਲਾਤ ਹੋਣ, ਏਥੋਂ ਦੀਆਂ ਤੇਰਾਂ ਸੀਟਾਂ ਵਿੱਚੋਂ ਕਿਸ ਪਾਰਟੀ ਨੂੰ ਕਿੰਨੀਆਂ ਮਿਲਣਗੀਆਂ! ਭਾਰਤ ਵਿੱਚ ਲਗਭਗ ਹਰ ਰਾਜ ਦੇ ਲੋਕ ਸਾਡੇ ਵਾਂਗ ਏਥੋਂ ਤੱਕ ਹੀ ਸੋਚਦੇ ਦਿਖਾਈ ਦੇਂਦੇ ਹਨ ਜਾਂ ਇਸ ਤੋਂ ਕੁਝ ਵੱਧ ਅਗਲੀ ਸੋਚ ਸੋਚਣ ਵਾਲੇ ਵੀ ਮਿਲ ਜਾਣਗੇ ਕਿ ਦੇਸ਼ ਦੀ ਅਗਲੀ ਸਰਕਾਰ ਬਣਾਉਣ ਲਈ ਕੌਣ ਪਾਰਟੀ ਜਾਂ ਗੱਠਜੋੜ ਕਿੰਨੀਆਂ ਸੀਟਾਂ ਜਿੱਤੇਗਾ! ਉਹ ਇਹ ਸੋਚਣ ਤੱਕ ਸੀਮਤ ਲੱਭਦੇ ਹਨ ਕਿ ਅਗਲੀ ਵਾਰੀ ਨਰਿੰਦਰ ਮੋਦੀ ਫਿਰ ਪ੍ਰਧਾਨ ਮੰਤਰੀ ਬਣਨਗੇ ਜਾਂ ਭਾਜਪਾ ਅੰਦਰ ਉੱਭਰਦੇ ਸੁਣੀਂਦੇ ਮੱਤਭੇਦਾਂ ਦੇ ਦਬਾਅ ਹੇਠ ਕੋਈ ਹੋਰ ਆਗੂ ਅੱਗੇ ਲਿਆਂਦਾ ਜਾਵੇਗਾ!ਏਦਾਂ ਦੀਆਂ ਕਈ ਸੋਚਾਂ ਹੋਰ ਵੀ ਚੱਲਦੀਆਂ ਸੁਣਦੀਆਂ ਹਨ, ਪਰ ਇਹ ਗੱਲ ਕਿਸੇ ਪਾਸੇ ਸੋਚ ਦਾ ਵਿਸ਼ਾ ਬਣਦੀ ਸੁਣਨ ਨੂੰ ਨਹੀਂ ਮਿਲਦੀ ਕਿ ਅਗਲੇ ਸਾਲ ਦੀਆਂ ਚੋਣਾਂ ਪਿੱਛੋਂ ਭਾਰਤ ਵਿੱਚ ਲੋਕਤੰਤਰ ਦਾ ਹੁਲੀਆ ਅੱਜ ਵਾਲਾ ਰਹੇਗਾ ਜਾਂ ਬਦਲ ਜਾਵੇਗਾ! ਦਸੰਬਰ ਦੇ ਸ਼ੁਰੂ ਹੁੰਦੇ ਸਾਰ ਪੰਜ ਰਾਜਾਂ ਦੀਆਂ ਵਿਧਾਨ ਸਭਾਵਾਂ ਦੀਆਂ ਚੋਣਾਂ ਦੌਰਾਨ ਹਿੰਦੀ ਪੱਟੀ ਵਾਲੇ ਤਿੰਨ ਰਾਜਾਂ ਵਿੱਚ ਜਿੱਦਾਂ ਦੀਆਂ ਸਰਕਾਰਾਂ ਬਣੀਆਂ ਅਤੇ ਜਿੱਦਾਂ ਦੇ ਨਵੇਂ ਚਿਹਰੇ ਅੱਗੇ ਲਿਆਂਦੇ ਗਏ ਹਨ, ਇਨ੍ਹਾਂ ਨੇ ਲੋਕਤੰਤਰ ਦੀ ਇੱਕ ਅਜਿਹੀ ਵੰਨਗੀ ਦੇ ਸੰਕੇਤ ਦੇ ਦਿੱਤੇ ਹਨ, ਜਿਸ ਬਾਰੇ ਅਜੇ ਤੱਕ ਸਾਡੇ ਵਿੱਚੋਂ ਕਦੀ ਕਿਸੇ ਨੇ ਸੋਚਿਆ ਵੀ ਨਹੀਂ ਹੋਣਾ।

ਇਸ ਨਵੇਂ ਤਜਰਬੇ ਦੀ ਸ਼ੁਰੂਆਤ ਨੌਂ ਕੁ ਸਾਲ ਪਹਿਲਾਂ ਹੋਈ ਸੀ, ਪਰ ਕਿਸੇ ਨੇ ਇਸ ਨੂੰ ਗੌਲਿਆ ਤੱਕ ਨਹੀਂ ਸੀ। ਓਦੋਂ ਨਰਿੰਦਰ ਮੋਦੀ ਪ੍ਰਧਾਨ ਮੰਤਰੀ ਬਣੇ ਤਾਂ ਮਸਾਂ ਚਾਰ ਮਹੀਨਿਆਂ ਬਾਅਦ ਹਰਿਆਣਾ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਭਾਜਪਾ ਦੀ ਜਿੱਤ ਹੋ ਗਈ ਸੀ। ਉਸ ਰਾਜ ਦੀਆਂ ਨੱਬੇ ਸੀਟਾਂ ਵਿੱਚੋਂ ਅੱਧੀ ਟੱਪਦੇ ਸਾਰ ਜਿਹੜੇ ਵੱਡੇ ਆਗੂ ਮੁੱਖ ਮੰਤਰੀ ਅਹੁਦੇ ਲਈ ਦਾਅਵੇਦਾਰ ਬਣਦੇ ਸਨ, ਉਹ ਸਾਰੇ ਪਿੱਛੇ ਧੱਕ ਕੇ ਮਨੋਹਰ ਲਾਲ ਖੱਟਰ ਨੂੰ ਕੁਰਸੀ ਮਿਲ ਗਈ ਸੀ, ਜਿਸ ਨੂੰ ਕਦੇ ਕਿਸੇ ਨੇ ਰਾਜਸੀ ਆਗੂ ਵਜੋਂ ਗੌਲਿਆ ਤੱਕ ਨਹੀਂ ਸੀ। ਬਹੁਤੇ ਲੋਕਾਂ ਨੂੰ ਇਹ ਪਤਾ ਸ਼ਾਇਦ ਨਹੀਂ ਹੋਣਾ ਕਿ ਇਸ ਪਾਰਟੀ ਵਿੱਚ ਹਰ ਪੱਧਰ ਉੱਤੇ ਜਥੇਬੰਦਕ ਸੈਕਟਰੀ ਹੁੰਦਾ ਹੈ, ਜਿਹੜਾ ਰਾਜਸੀ ਆਗੂ ਵਜੋਂ ਵਿਚਰਨ ਦੀ ਥਾਂ ਸਿਧਾਂਤਕਾਰ ਅਤੇ ਮਾਰਗ-ਦਰਸ਼ਕ ਦੀ ਭੂਮਿਕਾ ਨਿਭਾਉਂਦਾ ਹੈ ਅਤੇ ਉਹ ਆਰ ਐੱਸ ਐੱਸ ਦਾ ਪ੍ਰਤੀਨਿਧ ਮੰਨਿਆ ਜਾਂਦਾ ਹੈ। ਮਨੋਹਰ ਲਾਲ ਖੱਟਰ ਉਸ ਵਕੱ ਹਰਿਆਣਾ ਦੀ ਭਾਜਪਾ ਵਿੱਚ ਇਹੋ ਜ਼ਿੰਮੇਵਾਰੀ ਸੰਭਾਲ ਰਹੇ ਸਨ। ਅਚਾਨਕ ਮਿਲੀ ਮੁੱਖ ਮੰਤਰੀ ਦੀ ਜ਼ਿੰਮੇਵਾਰੀ ਬਾਰੇ ਕਿਹਾ ਜਾਣ ਲੱਗਾ ਕਿ ਉਹ ਸੰਭਾਲ ਨਹੀਂ ਸਕੇਗਾ, ਪਰ ਰਾਜ ਚਲਾਉਣ ਦਾ ਜ਼ਿੰਮਾ ਉਸ ਦਾ ਕਦੇ ਸੀ ਹੀ ਨਹੀਂ, ਕੇਂਦਰ ਵਿੱਚ ਨਵੀਂ ਉੱਭਰੀ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਦੀ ਲੀਡਰਸ਼ਿਪ ਨੇ ਕੁਝ ਸੇਵਾਮੁਕਤ ਜਾਂ ਸੇਵਾ ਕਰਦੇ ਅਫਸਰਾਂ ਤੋਂ ਰਾਜ ਚੱਲਵਾ ਲਿਆ ਸੀ। ਇਹ ਇੱਕ ਤਜਰਬਾ ਸਫਲ ਹੋਇਆ ਤਾਂ ਉੱਤਰ ਪ੍ਰਦੇਸ਼ ਵਿੱਚ ਲਾਗੂ ਕੀਤਾ ਗਿਆ ਅਤੇ ਉਸ ਦੀ ਕਾਮਯਾਬੀ ਪਿੱਛੋਂ ਇਸ ਵਾਰੀ ਤਿੰਨ ਹੋਰ ਰਾਜਾਂ ਤੱਕ ਚਲਾ ਗਿਆ ਹੈ।

ਨੌਂ ਸਾਲ ਪਹਿਲਾਂ ਭਾਰਤ ਦੀ ਕਮਾਨ ਭਾਜਪਾ ਦੇ ਹੱਥ ਆਉਣ ਮਗਰੋਂ ਜਦੋਂ ਉੱਤਰ ਪ੍ਰਦੇਸ਼ ਵਿੱਚ ਆਸ ਤੋਂ ਬਾਹਰੀ ਜਿੱਤ ਹੋਈ ਤਾਂ ਓਥੇ ਵੱਡੀ ਕੁਰਸੀ ਦੇ ਕਈ ਦਾਅਵੇਦਾਰ ਸਨ। ਯੋਗੀ ਆਦਿੱਤਿਆਨਾਥ ਦਾ ਗੁਣਾ ਇਸ ਕਾਰਨ ਨਹੀਂ ਪਿਆ ਸੀ ਕਿ ਉਹ ਭਾਜਪਾ ਦੇ ਪੱਕੇ ਵਫਾਦਾਰ ਸਨ, ਸਗੋਂ ਕੱਟੜ ਹਿੰਦੂ ਆਗੂ ਵਜੋਂ ਉਨ੍ਹਾਂ ਦੀ ਦਿੱਖ ਭਾਜਪਾ ਲੀਡਰਸ਼ਿਪ ਨੂੰ ਵੀ ਅੱਖਾਂ ਦਿਖਾਉਣ ਵਾਲੀ ਸੀ। ਇੱਕ ਮੌਕੇ ਭਾਜਪਾ ਦੀ ਕੌਮੀ ਕਾਰਜਕਾਰਨੀ ਦੀ ਲਖਨਊ ਵਿੱਚ ਮੀਟਿੰਗ ਹੁੰਦੀ ਦੇ ਬਰਾਬਰਉਸ ਨੇ ਗੋਰਖਪੁਰ ਵਿੱਚ ਆਪਣੀ ਜਥੇਬੰਦੀ ਦੀ ਮੀਟਿੰਗ ਰੱਖ ਲਈ ਤੇ ਏਦਾਂ ਹੀ ਸਾਲ 2002 ਦੀਆਂ ਵਿਧਾਨ ਸਭਾ ਚੋਣਾਂ ਮੌਕੇ ਉਸ ਨੇ ਭਾਜਪਾ ਉਮੀਦਵਾਰ ਦੇ ਮੁਕਾਬਲੇ ਹਿੰਦੂ ਮਹਾਂ ਸਭਾ ਵੱਲੋਂ ਉਮੀਦਵਾਰ ਖੜਾ ਕਰ ਕੇ ਨਤੀਜੇ ਵਿੱਚ ਭਾਜਪਾ ਉਮੀਦਵਾਰ ਨੂੰ ਤੀਸਰੀ ਥਾਂ ਧੱਕ ਕੇ ਆਪਣਾ ਬੰਦਾ ਓਥੋਂ ਜਿਤਾ ਲਿਆ ਸੀ। ਜਦੋਂ 2017 ਵਿੱਚ ਭਾਜਪਾ ਦੀ ਉੱਤਰ ਪ੍ਰਦੇਸ਼ ਵਿੱਚ ਵੱਡੀ ਜਿੱਤ ਹੋਈ ਤਾਂ ਉਸ ਨੇ ਯੋਗੀ ਆਦਿੱਤਿਆਨਾਥ ਨੂੰ ਮੁੱਖ ਮੰਤਰੀ ਇਸ ਲਈ ਬਣਾਇਆ ਕਿ ਜੇ ਨਾ ਬਣਾਉਂਦੇ ਤਾਂ ਉਹ ਜਲਵਾ ਵਿਖਾ ਸਕਦਾ ਸੀ, ਪਰ ਉਸ ਦੇ ਨਾਲ ਦੋ ਡਿਪਟੀ ਮੁੱਖ ਮੰਤਰੀ ਲਾ ਦਿੱਤੇ ਸਨ ਤੇ ਦੋਵੇਂ ਉਹ ਆਗੂ ਲਾਏ ਸਨ, ਜਿਨ੍ਹਾਂ ਦੀ ਆਪਸ ਵਿੱਚ ਨਹੀਂ ਸੀ ਬਣਦੀ ਤੇ ਯੋਗੀ ਨਾਲ ਵੀ ਨਹੀਂ ਸੀ। ਏਦਾਂ ਕਰਨ ਦਾ ਕਾਰਨ ਪਿੱਛੋਂ ਚਰਚਾ ਵਿੱਚ ਆਇਆ ਸੀ ਕਿ ਤਿੰਨਾਂ ਦੀ ਆਪੋ ਵਿੱਚ ਅਣਬਣ ਜਾਰੀ ਰਹਿਣ ਕਾਰਨ ਹਰ ਵਾਰੀ ਕੇਂਦਰੀ ਲੀਡਰਸ਼ਿਪ ਨੂੰ ਨਿਬੇੜਾ ਕਰਨ ਦੇ ਬਹਾਨੇ ਉਨ੍ਹਾਂ ਉੱਤੇ ਆਪਣਾ ਕੁੰਡਾ ਰੱਖਣ ਦਾ ਮੌਕਾ ਹਾਸਲ ਹੁੰਦਾ ਰਹਿੰਦਾ ਸੀ। ਚਲੰਤ ਸਾਲ ਵਿੱਚ ਜਦੋਂ ਤਿੰਨ ਹਿੰਦੀ-ਭਾਸ਼ੀ ਰਾਜਾਂ ਵਿੱਚ ਭਾਜਪਾ ਦੀ ਤਕੜੀ ਜਿੱਤ ਹੋਈ ਤਾਂ ਵੱਡੇ ਰਸੂਖਦਾਰ ਸਥਾਨਕ ਆਗੂ ਪਾਸੇ ਧੱਕੇ ਅਤੇ ਉਹ ਜੂਨੀਅਰ ਆਗੂ ਅੱਗੇ ਕਰ ਦਿੱਤੇ ਹਨ, ਜਿਹੜੇ ਨਿਮਾਣੇ ਜਿਹੇ ਹੋਣ ਕਾਰਨ ਹਰ ਗੱਲ ਵਿੱਚ ਦਿੱਲੀ ਵਿਚਲੀ ਕੇਂਦਰੀ ਲੀਡਰਸ਼ਿਪ ਦਾ ਇਸ਼ਾਰਾ ਉਡੀਕਦੇ ਰਿਹਾ ਕਰਨਗੇਅਤੇ ਸਿਰ ਚੁੱਕਣ ਦਾ ਖਤਰਾ ਹੀ ਨਾ ਰਹੇਗਾ। ਕੇਂਦਰ ਦੀ ਲੀਡਰਸ਼ਿਪ ਨੇ ਏਦਾਂ ਕਰਨ ਲਈ ਨਵਿਆਂ ਦਾ ਨਾਂਅ ਵੀ ਪੁਰਾਣੇ ਆਗੂਆਂ ਤੋਂ ਪੇਸ਼ ਕਰਵਾ ਕੇ ਕਮਾਲ ਕਰ ਦਿੱਤੀ ਹੈ।

ਇਸ ਤਰ੍ਹਾਂ ਭਾਜਪਾ ਨੇ ਇੱਕੋ ਕਦਮ ਨਾਲ ਕਈ ਮਸਲੇ ਹੱਲ ਕਰ ਲਏ ਹਨ। ਪਹਿਲਾ ਤਾਂ ਇਹ ਕਿ ਇਨ੍ਹਾਂ ਰਾਜਾਂ ਦੇ ਪੁਰਾਣੇ ਉਨ੍ਹਾਂ ਆਗੂਆਂ ਨੂੰ ਕਿਨਾਰੇ ਕਰ ਦਿੱਤਾ ਹੈ, ਜਿਹੜੇ ਸੀਨੀਅਰ ਹੋਣ ਕਾਰਨ ਆਪਣੇ-ਆਪ ਨੂੰ ਓਥੇ ਰਾਜ ਕਰਨ ਦੇ ਹੱਕਦਾਰ ਵਜੋਂ ਪੇਸ਼ ਕਰਨ ਤੋਂ ਨਹੀਂ ਸਨ ਰਹਿੰਦੇ। ਛੱਤੀਸਗੜ੍ਹ ਵਿੱਚ ਪੰਦਰਾਂ ਸਾਲ ਰਾਜ ਕਰ ਚੁੱਕੇ ਸਾਬਕਾ ਮੁੱਖ ਮੰਤਰੀ ਰਮਨ ਸਿੰਘ ਨੂੰ ਤਾਂ ਆਰਾਮ ਨਾਲ ਵਿਧਾਨ ਸਭਾ ਦਾ ਸਪੀਕਰ ਬਣਨ ਲਈ ਮਨਾ ਲਿਆ ਗਿਆ, ਪਰ ਮੱਧ ਪ੍ਰਦੇਸ਼ ਵਿਚਲਾ ਕਰੀਬ ਅਠਾਰਾਂ ਸਾਲ ਰਾਜ ਕਰ ਚੁੱਕਾ ਮੁੱਖ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੜੀ ਕਰਦਾ ਵੇਖ ਕੇ ਹਟਣ ਲਈ ਮਜਬੂਰ ਕੀਤਾ ਗਿਆ ਸੁਣੀਂਦਾ ਹੈ। ਅਸਲ ਵਿੱਚ ਕੀ ਹੋਇਆ, ਇਹ ਤਾਂ ਪਤਾ ਨਹੀਂ, ਪਰ ਜਿਸ ਨਵੇਂ ਮੁੱਖ ਮੰਤਰੀ ਨੂੰ ਮੱਧ ਪ੍ਰਦੇਸ਼ ਦੀ ਕਮਾਨ ਸੰਭਾਲੀ ਗਈ ਹੈ, ਉਸ ਨੂੰ ਤਾਂ ਮੰਤਰੀ ਵਜੋਂ ਕੁਝ ਨਾ ਕੁਝ ਤਜਰਬਾ ਹੈ, ਰਾਜਸਥਾਨ ਵਿੱਚ ਅਸਲੋਂ ਨਵਾਂ ਆਗੂ ਲਿਆਂਦਾ ਗਿਆ ਹੈ, ਜਿਸ ਨੂੰ ਏਦਾਂ ਦਾ ਕੋਈ ਤਜਰਬਾ ਹੀ ਨਹੀਂ। ਉਸ ਨੇ ਵੀਹ ਸਾਲ ਪਹਿਲਾਂ ਵਿਧਾਨ ਸਭਾ ਵਾਸਤੇ ਚੋਣ ਲੜੀ ਤਾਂ ਨਾਦਬਾਈ ਹਲਕੇ ਵਿੱਚ ਪੰਜਵੇਂ ਥਾਂ ਰਿਹਾ ਸੀ, ਐਤਕੀਂ ਪਹਿਲੀ ਵਾਰੀ ਅਸੈਂਬਲੀ ਦੀ ਦਹਿਲੀਜ਼ ਟੱਪਿਆ ਹੈ ਤੇ ਆਉਂਦੇ ਸਾਰ ਮੁੱਖ ਮੰਤਰੀ ਬਣਾ ਦਿੱਤਾ ਹੈ। ਕੋਈ ਪਿਛਲਾ ਤਜਰਬਾ ਨਹੀਂ ਤਾਂ ਕੋਈ ਫਰਕ ਨਹੀਂ ਪੈਂਦਾ, ਹਰਿਆਣਾ ਵਿੱਚ ਕੇਂਦਰ ਦੀ ਮਿਹਰ ਵਾਲੇ ਅਫਸਰਾਂ ਰਾਹੀਂ ਰਾਜ ਚਲਾਉਣ ਦਾ ਜਿਹੜਾ ਫਾਰਮੂਲਾ ਕਾਮਯਾਬ ਹੋ ਚੁੱਕਾ ਹੈ, ਉਹ ਇਸ ਰਾਜ ਵਿੱਚ ਵੀ ਕੰਮ ਦੇ ਸਕਦਾ ਹੈ ਅਤੇ ਏਦਾਂ ਦੇ ਬਾਕੀ ਕਈ ਰਾਜਾਂ ਵਿੱਚ ਵੀ ਵਰਤਿਆ ਜਾਣ ਵਾਲਾ ਹੋ ਸਕਦਾ ਹੈ। ਇਸ ਰਾਜ ਵਿੱਚ ਵੀ ਪਹਿਲੀ ਵਾਰੀ ਵਿਧਾਇਕ ਬਣੇ ਭਜਨ ਲਾਲ ਸ਼ਰਮਾ ਦਾ ਨਾਂਅ ਦੋ ਵਾਰ ਦੀ ਮੁੱਖ ਮੰਤਰੀ ਵਸੁੰਧਰਾ ਰਾਜੇ ਤੋਂ ਪੇਸ਼ ਕਰਵਾਇਆ ਗਿਆ ਅਤੇ ਨਾ ਚਾਹੁੰਦੇ ਹੋਏ ਵੀ ਉਸ ਨੂੰ ਇਹ ਬਦਮਜ਼ਾ ਭੂਮਿਕਾ ਅਦਾ ਕਰਨੀ ਪਈ ਹੈ।

ਜਿਹੜੀ ਗੱਲ ਇਨ੍ਹਾਂ ਤਿੰਨਾਂ ਰਾਜਾਂ ਵਿੱਚ ਸਾਂਝੀ ਹੈ, ਉਹ ਇਹ ਕਿ ਉੱਤਰ ਪ੍ਰਦੇਸ਼ ਵਿੱਚ ਯੋਗੀ ਆਦਿੱਤਿਆਨਾਥ ਨੂੰ ਮੁੱਖ ਮੰਤਰੀ ਬਣਾਉਣ ਵੇਲੇ ਜਿਵੇਂ ਦੋ ਡਿਪਟੀ ਮੁੱਖ ਮੰਤਰੀ ਉਸ ਨਾਲ ਲਾਏ ਸਨ, ਓਸੇ ਤਰ੍ਹਾਂ ਛੱਤੀਸਗੜ੍ਹ, ਮੱਧ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਵੀ ਦੋ-ਦੋ ਡਿਪਟੀ ਮੁੱਖ ਮੰਤਰੀ ਬਣਾ ਦਿੱਤੇ ਗਏ ਹਨ। ਅਗਲੀ ਗੱਲ ਇਹ ਕਿ ਇਹ ਡਿਪਟੀ ਮੁੱਖ ਮੰਤਰੀ ਮੱਧ ਪ੍ਰਦੇਸ਼ ਵਿੱਚ ਤਾਂ ਮੁੱਖ ਮੰਤਰੀ ਦੇ ਮੁਕਾਬਲੇ ਭਾਰੂ ਹੋ ਸਕਣ ਵਾਲੇ ਸ਼ਾਇਦ ਨਹੀਂ ਲੱਗਦੇ, ਬਾਕੀ ਦੋਵਾਂ ਰਾਜਾਂ ਵਿੱਚਮੁੱਖ ਮੰਤਰੀ ਤੋਂ ਵੱਧ ਤਜਰਬੇ ਵਾਲੇ ਹੋਣ ਕਾਰਨ ਆਪਣੀ ਹੈਸੀਅਤ ਵਿਖਾਉਣੋਂ ਨਹੀਂ ਰਹਿਣਗੇ। ਇਸ ਦੇ ਬਾਅਦ ਓਥੇ ਸ਼ਖਸੀਅਤਾਂ ਦਾ ਜਿਹੜਾ ਜ਼ਾਹਰਾ ਤੌਰ ਉੱਤੇ ਜਾਂ ਅੰਦਰ-ਖਾਤੇ ਦਾ ਟਕਰਾਅ ਹੋਵ-ੇਗਾ, ਉਹ ਕੇਂਦਰੀ ਲੀਡਰਸ਼ਿਪ ਦੇ ਲਗਾਤਾਰ ਦਖਲ ਦਾ ਰਾਹ ਖੋਲ੍ਹਦਾ ਰਹੇਗਾ ਤੇ ਤਿੰਨੇ ਆਗੂ ਉਸ ਰਾਜ ਵਿੱਚ ਘੱਟਤੇ ਦਿੱਲੀ ਦਰਬਾਰ ਵਿੱਚ ਵੱਧ ਦਿਖਾਈ ਦਿੱਤਾ ਕਰਨਗੇ ਤੇ ਰਾਜ ਪ੍ਰਬੰਧ ਦਿੱਲੀ ਦੀ ਕ੍ਰਿਪਾ ਵਾਲੇ ਅਫਸਰ ਚਲਾਈ ਜਾਣਗੇ। ਉੱਤਰ ਪ੍ਰਦੇਸ਼ ਦੀ ਹਾਲਤ ਤਾਂ ਲੀਡਰਾਂ ਦੇ ਟਕਰਾਅ ਕਾਰਨ ਇੱਕ ਵਾਰੀ ਬਹੁਤ ਦੂਰ ਤੱਕ ਪਹੁੰਚ ਗਈ ਸੀ। ਉਹਨੀਂ ਦਿਨੀਂ ਉਸ ਰਾਜ ਵਿੱਚ ਇੱਕ ਡਿਪਟੀ ਮੁੱਖ ਮੰਤਰੀ ਦੇ ਪੁੱਤਰ ਦਾ ਵਿਆਹ ਹੋਇਆ ਤਾਂ ਉਹ ਯੋਗੀ ਆਦਿੱਤਿਆਨਾਥ ਨੂੰ ਸੱਦਾ ਪੱਤਰ ਦੇ ਆਇਆ ਸੀ, ਪਰ ਦੋਵਾਂ ਦੇ ਸਰਕਾਰੀ ਘਰ ਨਾਲ ਲੱਗਵੇਂ ਹੋਣ ਦੇ ਬਾਵਜੂਦ ਯੋਗੀ ਜੀ ਉਸ ਵਿਆਹ ਵਿੱਚ ਵੀ ਨਹੀਂ ਸੀ ਗਏ ਅਤੇ ਫਿਰ ਕਈ ਹਫਤੇ ਪਿੱਛੋਂ ਦਿੱਲੀ ਦੇ ਲੀਡਰਾਂ ਨੇ ਕਿਹਾ ਤਾਂ ਨਵੀਂ ਵਿਆਹੀ ਜੋੜੀ ਨੂੰ ਸ਼ਗਨ ਪਾਉਣ ਗਏ ਸਨ। ਚਰਚਾ ਇਸ ਹੱਦ ਤੱਕ ਚਲੀਗਈ ਸੀ ਕਿ ਭਾਜਪਾ ਨਾਲ ਨੇੜ ਰੱਖਦੇ ਮੀਡੀਆ ਚੈਨਲ ਉੱਤਰ ਪ੍ਰਦੇਸ਼ ਵਿੱਚ ਲੀਡਰਸ਼ਿਪ ਬਦਲਣ ਬਾਰੇ ਵੀ ਖਬਰਾਂ ਦੇਣ ਲੱਗ ਪਏ ਸਨ। ਉਨ੍ਹਾਂ ਖਬਰਾਂ ਅਤੇ ਕੇਂਦਰੀ ਲੀਡਰਸ਼ਿਪ ਦੇ ਦਬਾਅ ਹੇਠ ਫਿਰ ਸਮਝੌਤਾ ਹੋ ਗਿਆ ਸੀ।

ਜਿਹੜਾ ਫਾਰਮੂਲਾ ਉੱਤਰ ਪ੍ਰਦੇਸ਼ ਵਿੱਚ ਆਪੋ ਵਿੱਚ ਲੜੀ ਜਾਣ ਵਾਲੇ ਤਿੰਨ ਲੀਡਰਾਂ ਨੂੰ ਅੱਗੇ ਲਾਉਣ ਅਤੇ ਦਿੱਲੀ ਵਿਚਲੀ ਕੇਂਦਰੀ ਲੀਡਰਸ਼ਿਪ ਦੇ ਦਖਲ ਦਾ ਰਾਹ ਖੁੱਲ੍ਹਾ ਰੱਖਣ ਲਈ ਕਾਮਯਾਬ ਰਿਹਾ ਸੀ, ਉਹ ਦਸੰਬਰ ਦੀ ਜਿੱਤ ਵਾਲੇ ਤਿੰਨਾਂ ਰਾਜਾਂ ਵਿੱਚ ਨਵੀਂ ਲੀਡਰਸ਼ਿਪ ਦੇ ਮਾਮਲੇ ਵਿੱਚ ਵਰਤਿਆ ਗਿਆ ਹੈ। ਵੇਖਣ ਨੂੰ ਇਹ ਭਾਜਪਾ ਦੇ ਅੰਦਰ ਦਾ ਮੁੱਦਾ ਲੱਗਦਾ ਹੈ, ਪਰ ਅਸਲ ਵਿੱਚ ਇਹ ਅੰਦਰ ਦਾ ਮਾਮਲਾ ਓਨਾ ਨਹੀਂ, ਜਿੰਨਾ ਦੇਸ਼ ਵਿੱਚ ਰਾਜ ਪੱਧਰ ਦਾ ਪ੍ਰਬੰਧ ਵੀ ਕੇਂਦਰ ਦੀ ਕਮਾਨ ਹੇਠ ਲਿਆਉਣ ਦਾ ਪ੍ਰਤੀਕ ਹੈ। ਇਸ ਤੋਂ ਬਾਅਦ ਹਰ ਵਾਰ ਰਾਜਾਂ ਵਿੱਚ ਨੇਤਾ ਬਦਲਣ ਅਤੇ ਹਰ ਥਾਂ ਤਜਰਬੇ ਤੋਂ ਸੱਖਣੇ ਜਾਂ ਨਵ-ਸਿੱਖਿਅਤ ਨੇਤਾ ਅੱਗੇ ਲਾ ਕੇ ਦਿੱਲੀ ਤੋਂ ਰਾਜ ਚਲਾਉਣ ਨਾਲ ਲੋਕਤੰਤਰ ਨੂੰ ਕੇਂਦਰੀਕ੍ਰਿਤ ਕਰਨ ਦੇ ਰਾਹ ਉੱਤੇ ਪਹਿਲਾ ਕਦਮ ਹੈ। ਚਾਲੀ ਕੁ ਸਾਲ ਪਹਿਲਾਂ ਨਵੀਂ ਬਣੀ ਭਾਰਤੀ ਜਨਤਾ ਪਾਰਟੀ ਜਦੋਂ ਰਾਜਨੀਤੀ ਦੀਆਂ ਹੋਰ ਸਭ ਧਿਰਾਂ ਦੀ ਰਾਜਾਂ ਨੂੰ ਵੱਧ ਅਧਿਕਾਰ ਦੇਣ ਦੀ ਮੰਗ ਨਾਲੋਂ ਵੱਖਰੀ ਸੁਰ ਕੱਢਦੀ ਅਤੇ ਕੇਂਦਰ ਨੂੰ ਹੋਰ ਤਕੜਾ ਕਰਨ ਦੀ ਗੱਲ ਕਰਦੀ ਸੀ ਤਾਂ ਕਿਸੇ ਨੂੰ ਉਸ ਦੀ ਭਵਿੱਖ ਨੀਤੀ ਸਮਝ ਨਹੀਂ ਸੀ ਆ ਸਕਦੀ, ਤਾਜ਼ਾ ਹਾਲਤ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਸ ਦੇ ਭਵਿੱਖ-ਨਕਸ਼ੇ ਦੇ ਭਾਰਤ ਦਾ ਲੋਕਤੰਤਰ ਇੱਕ ਕੇਂਦਰੀਕ੍ਰਿਤ ਰਾਜ ਪ੍ਰਬੰਧ ਹੋਵੇਗਾ। ਉਨ੍ਹਾਂ ਦੀ ਇਹ ਪੱਕੀ ਧਾਰਨਾ ਹੈ ਕਿ ਜਦੋਂ-ਜਦੋਂ ਭਾਰਤ ਵਿੱਚ ਸੂਬਿਆਂ ਦੇ ਹਾਕਮ ਕੇਂਦਰ ਨੂੰ ਅੱਖਾਂ ਵਿਖਾਉਣ ਜੋਗੇ ਹੋਏ, ਭਾਰਤ ਦੀ ਏਕਤਾ ਅਤੇ ਅਖੰਡਤਾ ਨੂੰ ਢਾਹ ਲੱਗਦੀ ਰਹੀ ਅਤੇ ਇੱਕਮੁੱਠਤਾ ਅਤੇ ਅਖੰਡਤਾ ਕਾਇਮ ਰੱਖਣੀ ਹੈ ਤਾਂ ਪਾਰਟੀ ਭਾਵੇਂ ਕੋਈ ਵੀ ਰਾਜ ਕਰੇ, ਕੇਂਦਰ ਸਰਕਾਰ ਮਜ਼ਬੂਤ ਚਾਹੀਦੀ ਹੈ। ਅਸੀਂ ਇਸ ਗੱਲ ਵਿੱਚ ਨਹੀਂ ਪੈ ਰਹੇ ਕਿ ਇਹ ਠੀਕ ਜਾਂ ਗਲਤ ਕਿੰਨਾ ਹੈ, ਸਿਰਫ ਇਹ ਸਮਝ ਸਕਦੇ ਹਾਂ ਕਿ ਭਾਰਤ ਵਿੱਚ ਲੋਕਤੰਤਰ ਦੀ ਵੰਨਗੀ ਬਦਲ ਰਹੀ ਹੈ।


CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING
CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



Dr. Randhawa Dentistry
Your own dentist who really cares for you
We Provide the following Services:
• Dental Crowns, Veneers & Bridges
• Dental Fillings & Gum Treatment
• Root Canal (RCT), Dentures, Extraction
• Kids Dentistry
• Wisdom Tooth Surgery
• Invisalign (Invisible Braces)
• Digital X-Rays System
• Teeth Cleaning & Whitening
• Cosmetic Dental Treatment
• ਸੀਨੀਅਰ ਡਿਸਕਾਊਂਟ
• ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
• ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
Dr. Samreet Kaur Randhawa
General Family Dentist
New Patients welcome
Deal Directly with all Insurance Companies
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd | Mcvean Dr | Gore Rd | Countryside Dr | Squire Ellis Dr | DENTISTRY



Grand Upholstery Ltd
Sofa Company Originality in Every Piece
Special on Sale
● ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
● ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
● ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
● ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

# ਸ਼੍ਰੋਮਣੀ ਕਮੇਟੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ ਕਰਵਾਏ

ਅੰਮ੍ਰਿਤਸਰ, 17 ਦਸੰਬਰ (ਗਿਆਨ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਪਿਆਰੇ ਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਰਮਜੀਤ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਸਰਵਣ ਸਿੰਘ ਨੇ ਕੀਤੀ ਤੇ ਪਾਵਨ ਹੁਕਮਨਾਮਾ ਭਾਈ ਗੁਰਮੀਤ ਸਿੰਘ ਗ੍ਰੰਥੀ ਗੁਰਦੁਆਰਾ ਸ਼ਹੀਦ ਗੰਜ



ਸਾਹਿਬ ਨੇ ਸਰਵਨ ਕਰਵਾਇਆ। ਭਾਈ ਗੁਰਮੀਤ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਤੇ ਭਾਈ ਦਿਆਲਾ ਜੀ ਦੀ ਲਾਸਾਨੀ ਸ਼ਹਾਦਤ ਦੇ ਇਤਿਹਾਸਕ ਪ੍ਰਸੰਗ ਨੂੰ ਸੰਗਤ ਨਾਲ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੀ ਸ਼ਹਾਦਤ ਮਨੁੱਖਤਾ ਲਈ ਇੱਕ ਮਾਰਗ ਦਰਸ਼ਨ ਹੈ ਜੋ ਮਜ਼ਲੂਮਾਂ ਦੇ ਹੱਕ ਵਿਚ ਖੜ੍ਹਨ ਦਾ ਸੁਨੇਹਾ ਦਿੰਦੀ ਹੈ। ਉਨ੍ਹਾਂ ਸੰਗਤਾਂ ਨੂੰ ਗੁਰਮਤਿ ਵਿਚਾਰਧਾਰਾ ਨਾਲ ਜੁੜਨ ਅਤੇ ਬਾਣੀ ਤੇ ਬਾਣੇ ਦੇ ਧਾਰਨੀ ਬਣਨ ਦੀ ਪ੍ਰੇਰਨਾ ਵੀ ਕੀਤੀ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਨਿਸ਼ਾਨ ਸਿੰਘ ਜਫਰਵਾਲ, ਮੀਤ ਮੈਨੇਜਰ . ਗੁਰਤਿੰਦਰਪਾਲ ਸਿੰਘ, ਲਾਲ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਖਜ਼ਾਨਚੀ ਅਮਰਜੀਤ ਸਿੰਘ ਆਦਿ ਮੌਜੂਦ ਸਨ।

ਇਸੇ ਦੌਰਾਨ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਵੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰ-ਮਤਿ ਸਮਾਗਮ ਕਰਵਾਏ ਗਏ। ਇਨ੍ਹਾਂ ਸਮਾਗਮਾ ਸਮੇਂ ਵੱਖ-ਵੱਖ ਸੇਵਾ ਸੁਸਾਇਟੀਆਂ ਦੇ ਸ਼ਬਦੀ ਜਥਿਆਂ ਨੇ ਸ਼ਬਦ ਕੀਰਤਨ ਕੀਤਾ, ਜਦਕਿ ਕੌਮ ਦੇ ਪ੍ਰਸਿੱਧ ਰਾਗੀ ਜਥਿਆਂ ਅਤੇ ਕਥਾਵਾਚਕਾਂ ਨੇ ਵੀ ਸੰਗਤ ਨੂੰ ਗੁਰਬਾਣੀ ਦੇ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਜੋੜਿਆ।

# ਸੈਲੀਬ੍ਰਿਟੀ ਕ੍ਰਿਕਟ ਲੀਗ ਆਰੀਅਨਜ਼ ਦੇ ਸਹਿਯੋਗ ਨਾਲ ਸਮਾਪਤ





ਸ੍ਰੀ ਮੁਕਤਸਰ ਸਾਹਿਬ, 17 ਦਸੰਬਰ (ਗਿਆਨ ਸਿੰਘ): ਰਾਜਪਾਲ ਹਰਿਆਣਾ, ਬੰਡਾਰੂ ਦੱਤਾਤ੍ਰੇਆ ਨੇ ਅੱਜ ਚੰਡੀਗੜ੍ਹ ਵਿੱਚ ਟ੍ਰਾਈਸਿਟੀ ਕੱਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੈਲੀਬ੍ਰਿਟੀ ਕ੍ਰਿਕਟ ਲੀਗ (ਸੀਸੀਐਲ) ਸੀਜ਼ਨ 10 ਵਿੱਚ ਪੰਜਾਬੀ ਫਿਲਮ ਇੰਡਸਟਰੀ ਦੀ ਨੁਮਾਇੰਦਗੀ ਕਰ ਰਹੀ 'ਪੰਜਾਬ ਦੇ ਸ਼ੇਰ' ਟੀਮ ਨੇ ਸ਼ਨੀਵਾਰ ਨੂੰ ਸੈਕਟਰ 16 ਦੇ ਕ੍ਰਿਕਟ ਸਟੇਡੀਅਮ ਵਿੱਚ ਖੇਡੇ ਗਏ ਇੱਕ ਪ੍ਰਦਰਸ਼ਨੀ ਮੈਚ ਦੌਰਾਨ ਦਿ ਐਜੂਕੇਟਰਜ਼ ਦਾ ਸਾਹਮਣਾ ਕੀਤਾ।

ਡਾ. ਅੰਸ਼ੂ ਕਟਾਰੀਆ ਦੀ ਅਗਵਾਈ ਵਾਲੇ ਸਿੱਖਿਅਕਾਂ ਵਿੱਚ ਚੰਡੀਗੜ੍ਹ ਅਤੇ ਪੰਜਾਬ ਖੇਤਰ ਦੇ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਨੁਮਾਇੰਦੇ ਸ਼ਾਮਲ ਸਨ। ਟੀਮ ਪੰਜਾਬ ਦੇ ਸ਼ੇਰ ਵਿੱਚ ਪੰਜਾਬੀ ਫਿਲਮਾਂ ਦੇ ਮਸ਼ਹੂਰ ਕਲਾਕਾਰ ਬੀਨੂੰ ਢਿੱਲੋਂ, ਜੱਸੀ ਗਿੱਲ, ਬੱਬਲ ਰਾਏ, ਗੈਵੀ ਚਾਹਲ, ਦੇਵ ਖਰੌੜ, ਨਿੰਜਾ, ਰਾਹੁਲ ਜੇਤਲੀ, ਸੁਯਸ਼ ਰਾਏ, ਅਨੁਜ ਖੁਰਾਣਾ, ਦਕਸ਼ ਅਜੀਤ ਸਿੰਘ, ਮਯੂਰ ਮਹਿਤਾ, ਵਿਕਰਮਜੀਤ ਸਿੰਘ ਸ਼ਾਮਲ ਸਨ।

ਫਲੱਡ ਲਾਈਟਾਂ 'ਤੇ ਖੇਡੇ ਗਏ ਇਸ ਮੈਚ ਦਾ ਉਦਘਾਟਨ ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਅ ਨੇ ਸਿੱਕਾ ਉਛਾਲ ਕੇ ਕੀਤਾ, ਜਿਸ ਵਿਚ ਸਥਾਨਕ ਦਰਸ਼ਕਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿ-ਲਆ। ਇਹ ਕੱਪ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼, ਰਾਜਪੁਰਾ ਨੇੜੇ ਚੰਡੀਗੜ੍ਹ ਦੇ ਸਹਿਯੋਗ ਨਾਲ ਕਰਵਾਇਆ ਗਿਆ। ਆਰੀਅਨਜ਼ ਗਰੁੱਪ ਦੇ ਚੇਅਰਮੈਨ ਡਾ: ਅੰਸ਼ੂ ਕਟਾਰੀਆ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਪੰਜਾਬ ਡੀ ਸ਼ੇਰ ਦੀ ਟੀਮ ਦੇ ਮਾਲਕ ਪੁਨੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ 2016 ਤੋਂ ਸੈਲੀਬ੍ਰਿਟੀ ਕ੍ਰਿਕਟ ਲੀਗ ਖੇਡ ਰਹੀ ਹੈ। ਇਸ ਪ੍ਰਦਰਸ਼ਨੀ ਮੈਚ ਦੇ ਆਯੋਜਨ ਦਾ ਉਦੇਸ਼ ਸਥਾਨਕ ਲੋਕਾਂ ਅਤੇ ਸਾਡੇ ਹਿੱਸੇਦਾਰਾਂ ਵਿੱਚ ਸੀਸੀਐਲ ਅਤੇ ਪੰਜਾਬ ਦੇ ਸ਼ੇਰ ਬਾਰੇ ਉਤਸ਼ਾਹ ਪੈਦਾ ਕਰਨਾ ਹੈ। ਆਉਣ ਵਾਲੇ ਦਿਨਾਂ ਵਿੱਚ ਚੰਡੀਗੜ੍ਹ ਅਤੇ ਪੰਜਾਬ ਵਿੱਚ ਅਜਿਹੇ ਹੋਰ ਪ੍ਰਦਰਸ਼ਨੀ ਮੈਚ ਕਰਵਾਏ ਜਾਣਗੇ।

ਇਸ ਮੌਕੇ ਮੁੱਖ ਮਹਿਮਾਨ ਰਾਜਪਾਲ ਬੰਡਾਰੂ ਦੱਤਾਤ੍ਰੇਆ ਨੇ ਪ੍ਰਬੰਧਕਾਂ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਜਾਗਰੂਕ ਕਰਦੇ ਹਨ ਅਤੇ ਉਨ੍ਹਾਂ ਵਿੱਚ ਊਰਜਾ ਪੈਦਾ ਕਰਦੇ ਹਨ ਤਾਂ ਜੋ ਉਹ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿਣ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸਿੱਖਿਆ ਦੇ ਪ੍ਰਸਾਰ ਵਿੱਚ ਲੱਗੇ ਸਮੂਹ ਵਿਦਿਅਕ ਅਦਾਰਿਆਂ ਨੇ ਅੱਜ ਬੱਲਾ ਫੜ ਕੇ ਖੇਡਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ ਹੈ। ਰਾਜਪਾਲ ਨੇ ਸੀਸੀਐਲ ਦੇ ਆਉਣ ਵਾਲੇ ਮੈਚਾਂ ਲਈ ਪੰਜਾਬ ਡੀ ਸ਼ੇਰ ਟੀਮ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।

ਸੀਸੀਐਲ ਦੇ ਲੀਗ ਮੈਚ 23 ਫਰਵਰੀ ਤੋਂ ਸ਼ੁਰੂ ਹੋਣਗੇ ਜਿਸ ਵਿੱਚ ਅੱਠ ਖੇਤਰੀ ਫਿਲਮ ਉਦਯੋਗਾਂ ਦੇ ਲਗਭਗ 200 ਕਲਾਕਾਰ ਹਿੱਸਾ ਲੈਣਗੇ। ਫਾਈਨਲ ਮੈਚ 17 ਮਾਰਚ ਨੂੰ ਖੇਡਿਆ ਜਾਵੇਗਾ। ਇਸ ਲੜੀ ਵਿੱਚ ਸੈਕਟਰ 16 ਦੇ ਕ੍ਰਿਕਟ ਸਟੇਡੀਅਮ ਵਿੱਚ ਪੰਜਾਬ ਦੇ ਸ਼ੇਰ ਆਪਣੇ ਦੋ ਲੀਗ ਮੈਚਾਂ ਵਿੱਚ ਬੰਗਾਲ ਟਾਈਗਰਜ਼ ਅਤੇ ਮੁੰਬਈ ਹੀਰੋਜ਼ ਦਾ ਸਾਹਮਣਾ ਕਰਨਗੇ। ਲੀਗ ਦੇ ਸਾਰੇ ਮੈਚ ਖੇਤਰੀ ਚੈਨਲਾਂ ਸਮੇਤ ਭਾਰਤ ਦੇ ਚੋਟੀ ਦੇ ਖੇਡ ਅਤੇ ਮਨੋਰੰਜਨ ਚੈਨਲਾਂ 'ਤੇ ਪ੍ਰਸਾਰਿਤ ਕੀਤੇ ਜਾਣਗੇ।

## ਟੋਇੰਗ ਅਤੇ ਸਟੋਰੇਜ ਇੰਡਸਟਰੀ ਵਿੱਚ ਓਨਟੈਰੀਓ ਪ੍ਰੋਵਿੰਸੀਅਲ ਦੇ ਨਵੇਂ ਬਦਲਾਅ

1 ਜਨਵਰੀ, 2024 ਤੋਂ, ਸਿਟੀ ਆਫ ਬ੍ਰੈਂਪਟਨ, ਬ੍ਰੈਂਪਟਨ ਵਿੱਚ ਟੋਇੰਗ ਅਤੇ ਸਟੋਰੇਜ ਇੰਡਸਟਰੀ ਦੀ ਨਿਗਰਾਨੀ ਨਹੀਂ ਕਰੇਗੀ। ਮਿਨਿਸਟਰੀ ਆਫ ਟ੍ਰਾਂਸਪੋਰਟੇਸ਼ਨ (ਐਮ.ਟੀ.ਓ.) (Ministry of Transportation) (MTO) ਇਹ ਭੂਮਿਕਾ ਨਿਭਾਵੇਗਾ ਅਤੇ ਪੂਰੇ ਸੂਬੇ ਵਿੱਚ, ਨਵਾਂ ਮਿਨਿਸਟਰੀ ਆਫ ਟ੍ਰਾਂਸਪੋਰਟੇਸ਼ਨ (ਐਮ.ਟੀ.ਓ.) ਟੋਇੰਗ ਅਤੇ ਸਟੋਰੇਜ ਸੇਫਟੀ ਐਨਫੋਰਸਮੈਂਟ ਐਕਟ (ਟੀ.ਐਸ.ਐਸ.ਈ.ਏ.) (Towing and Storage Safety Enforcement Act) (TSSEA) ਲਾਗੂ ਕਰੇਗਾ।

ਟੀ.ਐਸ.ਐਸ.ਈ.ਏ. (TSSEA) ਨੇ ਪੂਰਵ ਮਿਉਨਿਸਿਪਲ ਨਿਗਰਾਨੀ ਨੂੰ ਬਦਲਦੇ ਹੋਏ, ਟੋਇੰਗ ਅਤੇ ਵਾਹਨ ਸਟੋਰੇਜ ਸੈਕਟਰ ਲਈ ਪ੍ਰੋਵਿੰਸੀਅਲ ਫ੍ਰੇਮਵਰਕ ਸਥਾਪਤ ਕੀਤਾ ਹੈ।

**1 ਜਨਵਰੀ, 2024 ਤੋਂ ਲਾਗੂ**

- ਓਪਰੇਟਰ ਅਤੇ ਟੋ ਟਰੱਕ ਡ੍ਰਾਈਵਰਾਂ ਨੂੰ ਸਿਰਫ ਪ੍ਰੋਵਿੰਸੀਅਲ ਗਵਰਨੈਂਸ ਦੀ ਪਾਲਣਾ ਕਰਨੀ ਪਵੇਗੀ।
- ਜਨਵਰੀ ਅਤੇ ਮਾਰਚ 2024 ਦੇ ਵਿਚਕਾਰ, ਟੋ ਟਰੱਕ ਅਤੇ ਸਟੋਰੇਜ ਦੀਆਂ ਉਲੰਘਣਾਵਾਂ ਸਬੰਧੀ ਸ਼ਿਕਾਇਤਾਂ ਓਨਟੈਰੀਓ ਸੂਬੇ ਕੋਲ, towing@ontario.ca ਤੇ ਈਮੇਲ ਭੇਜ ਕੇ ਜਮ੍ਹਾਂ ਕੀਤੀਆਂ ਜਾਣਗੀਆਂ। ਸੂਬਾ, ਅੱਪਡੇਟ ਕੀਤੀ ਸ਼ਿਕਾਇਤ ਪ੍ਰਕਿਰਿਆ ਬਾਰੇ ਮਾਰਚ ਵਿੱਚ ਹੋਰ ਵੇਰਵੇ ਪ੍ਰਦਾਨ ਕਰੇਗਾ।

ਵਧੇਰੇ ਜਾਣਕਾਰੀ ਲਈ, **www.brampton.ca/licensing** ਤੇ ਜਾਓ।

www.brampton.ca/bylaws
BRAMPTON

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES


PERFORMANCE BY
OUR LADY PEACE
KICK-OFF TO BRAMPTON'S 50TH BIRTHDAY
GENEROUSLY SPONSORED BY:
Kwality SWEETS & RESTAURANT GRAND INDIAN BUFFET
MIDNIGHT FIREWORKS
PRESENTED BY:
Tim Hortons.
BRAMPTON NYE
DECEMBER 31, 2023
FREE CONCERT
GARDEN SQUARE
STARTING AT 8 PM
www.brampton.ca/newyearseve
BRAMPTON


URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD
Brampton Ontario (Dir/Cross St:Kennedy/Bovaird)
ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, 3 ਬੈਡਰੂਮ ਅਤੇ 4 ਵਾ-ਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨ-ਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਅਤੇ ਹੋਰ ਵੀ ਬਹੁਤ ਕੁੱਝ।
Brampton Ontario (Dir/Cross St:The Gore/Castlemore/Gardenbrok)
ਖੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ ਅਤੇ ਹੋਰ ਵੀ ਬਹੁਤ ਕੁੱਝ।
Caledon Ontario (Dir/Cross St:Mayfield/ Mclaughlin/Tweedhill)
ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।
Brampton Ontario (Dir/Cross St:Bramalea/Father Tobin /Fernfor)
ਰੈਂਪਟਨ ਵਿਚ 3000-3500 ਸਕੁਏਅਰ ਫੁੱਟ ਦਾ ਸੋਹਣਾ ਜਿਹਾ 3 ਸਟੋਰੀ ਡਿਟੈਚਟਡ ਘਰ, ਬਰੈਮਲੀ/ਫਾਦਰ ਟੌਬਿਨ/ਫਰਨਫੌਰ ਇੰਟਰਸੈਇਸ਼ਨ ਉਤੇ ਸਥਿਤ, 5+1 ਬੈਡਰੂਮਜ਼ + 5 ਵਾਸ਼ਰੂਮਜ਼, 2 ਫੈਮਿਲੀ ਰੂਮ ਅਤੇ 2 ਮਾਸਟਰ ਬੈਡਰੂਮਜ਼ ਦੇ ਨਾਲ, ਉਪਰਲੇ ਫਲੋਰ ਦੇ ਸਾਰੇ ਬੈਡਰੂਮਜ਼ ਲੈਮੀਨੇਟਡ, ਕੁਆਰਟਸ ਸੀ ਟਾਪ ਦੇ ਨਾਲ ਸੁੰਦਰ ਕਿਚਨ, ਗੈਰਾਜ ਤੋਂ ਡੋਰ ਐਂਟਰੀ, ਅੰਦਰ ਅਤੇ ਬਾਹਰ ਪੌਟ ਲਾਈਟਾਂ ਲੱਗੀਆਂ ਹੋਈਆਂ, ਦੂਸਰੇ ਫਲੋਰ ਉਤੇ ਲਾਊਂਡਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਸਾਊਂਡ ਸਿਸਟਮ ਦੇ ਨਾਲ।
FREE
Full MLS services
Consistent marketing until your property is sold
Staging consultation
Billboard, flyer
Online Promotion
Professional pictures & virtual tour
Social media & radio advertisement
Open house till sold
Competitive rates, exceptional service & award winning results
RE/MAX REALTY SPECIALISTS INC.
Ph:905-456-3232
JAG AUJLA
416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017